Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 143 Chief Editor : Chowdhary Prabhjit Singh, Editor : Chhatarpal Singh 98146-32807, Sunday 22 November 2026 Price : 2 Rs. Page : 6

ਸੱਭਿਆਚਾਰਕ ਸਹਿਯੋਗ ਨਾਲ ਮੁਲਕਾਂ ਦੇ ਰਿਸ਼ਤੇ ਮਜ਼ਬੂਤ ਹੋਣਗੇ: ਮੋਦੀ

ਨਵੀਂ ਦਿੱਲੀ, 21 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਸੱਭਿਆਚਾਰਕ ਅਤੇ ਸੱਭਿਅਤਾ ਸਹਿਯੋਗ ਵੱਖ-ਵੱਖ ਮੁਲਕਾਂ ਵਿਚਕਾਰ ਸਬੰਧ ਹੋਰ ਮਜ਼ਬੂਤ ਕਰੇਗਾ ਅਤੇ 21ਵੀਂ ਸਦੀ ਦੀ ਤਕਨਾਲੋਜੀ ਨੇ ਸੱਭਿਆਚਾਰਕ ਜੁੜਾਅ ਲਈ ਨਵੀਆਂ ਸੰਭਾਵਨਾਵਾਂ ਪੈਦਾ ਕੀਤੀਆਂ ਹਨ। ਪਹਿਲੇ ਸ਼ੰਘਾਈ ਸਹਿਯੋਗ ਸੰਗਠਨ (ਐੱਸ ਸੀ ਓ) ਸੱਭਿਅਤਾ ਸੰਵਾਦ ਫੋਰਮ ਦਾ ਉਦਘਾਟਨ ਕਰਦਿਆਂ ਮੋਦੀ ਨੇ ਕਿਹਾ ਕਿ ਭਾਰਤ ਦੇ ਅਜਾਇਬਘਰਾਂ, ਲਾਇਬਰੇਰੀਆਂ ਅਤੇ ਪੁਰਾਲੇਖਾਂ 'ਚ ਹਜ਼ਾਰਾਂ ਸਾਲਾਂ ਦੀ ਅਨਮੋਲ ਵਿਰਾਸਤ ਸੁਰੱਖਿਅਤ ਹੈ ਜਿਸ ਨੂੰ ਤਕਨਾਲੋਜੀ ਦੀ ਮਦਦ ਨਾਲ ਨਵੀਂ ਪੀੜ੍ਹੀ ਤੱਕ ਪਹੁੰਚਾਇਆ ਜਾ ਸਕਦਾ ਹੈ। ਸੰਮੇਲਨ 'ਚ ਪਾਕਿਸਤਾਨ ਦੇ ਮੰਤਰੀ ਮੁਸੱਦਿਕ ਮਲਿਕ ਸਮੇਤ ਐੱਸ ਸੀ ਓ ਦੇ ਹੋਰ ਮੈਂਬਰਾਂ ਦੇ ਨੁਮਾਇੰਦੇ ਵੀ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਬੀਤੇ ਕੁਝ ਸਾਲਾਂ 'ਚ ਐੱਸ ਸੀ ਓ ਨੇ ਸੁਰੱਖਿਆ, ਆਰਥਿਕਤਾ ਅਤੇ ਸੰਪਰਕ ਦੇ ਖੇਤਰਾਂ 'ਚ ਸਹਿਯੋਗ ਵਧਾਇਆ ਹੈ ਜਿਸ ਨਾਲ ਹੁਣ ਸੱਭਿਆਚਾਰਕ ਸਹਿਯੋਗ ਮੁਲਕਾਂ ਨੂੰ ਜੋੜਨ 'ਚ ਅਹਿਮ ਭੂਮਿਕਾ ਨਿਭਾਅ ਸਕਦਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਮਰਾਜਾਂ ਨੇ ਦੁਨੀਆ ਦੇ ਨਕਸ਼ੇ



ਬਦਲੇ ਹਨ ਪਰ ਸੱਭਿਅਤਾ ਸੰਵਾਦ ਨੇ ਦੁਨੀਆ ਦੇ ਵਿਚਾਰ ਬਦਲੇ ਅਤੇ ਖੁਸ਼ਹਾਲ ਕੀਤਾ ਹੈ। ਇਸ ਲਈ ਇਹ ਸੰਮੇਲਨ ਸਿਰਫ਼ ਰਸਮੀ ਨਹੀਂ ਸਗੋਂ ਦੁਨੀਆ ਨੂੰ ਸੇਧ ਦੇਣ ਵਾਲਾ ਮੰਚ ਬਣ ਸਕਦਾ ਹੈ। ਮੋਦੀ ਨੇ ਕਿਹਾ ਕਿ ਜਿਨ੍ਹਾਂ ਮਾਰਗਾਂ 'ਤੇ ਪੁਰਖਿਆਂ ਨੂੰ ਕਈ ਮਹੀਨੇ ਲੱਗਦੇ ਸਨ ਉੱਥੇ ਹੁਣ ਡਿਜੀਟਲ ਪਲੈਟਫਾਰਮਾਂ ਰਾਹੀਂ ਲੋਕ ਕੁਝ ਸਕਿੰਟਾਂ 'ਚ ਜੁੜ ਸਕਦੇ ਹਨ। ਇਸ ਮੰਚ ਦਾ ਉਦੇਸ਼ ਖੇਤਰ ਦੀ ਸਾਂਝੀ ਸੱਭਿਅਕ ਵਿਰਾਸਤ ਨੂੰ ਉਤਸ਼ਾਹਿਤ ਕਰਨਾ, ਲੋਕਾਂ ਵਿਚਾਲੇ ਸਬੰਧ ਮਜ਼ਬੂਤ ਕਰਨਾ ਅਤੇ ਸੱਭਿਆਚਾਰਕ ਸੰਵਾਦ ਤੇ ਸਹਿਯੋਗ ਵਧਾਉਣਾ ਹੈ।

ਉਦਘਾਟਨ ਤੋਂ ਪਹਿਲਾਂ ਪ੍ਰਧਾਨ ਮੰਤਰੀ ਨੇ 'ਅਨੰਤ: 18ਵੀਂ ਸਦੀ ਦੀ ਦੁਰਲੱਭ ਮਹਾਭਾਰਤ ਪੋਥੀ' ਪ੍ਰਦਰਸ਼ਨੀ ਦੇਖੀ। ਇਸ ਤੋਂ ਇਲਾਵਾ ਉਨ੍ਹਾਂ ਇੱਕ ਹੋਰ ਪ੍ਰਦਰਸ਼ਨੀ ਦਾ ਵੀ ਦੌਰਾ ਕੀਤਾ ਜਿਸ 'ਚ 1200 ਈਸਾ ਪੂਰਵ ਤੋਂ 1200 ਈਸਵੀ ਤੱਕ ਦਿੱਲੀ ਦੇ ਇਤਿਹਾਸ ਨੂੰ ਪੁਰਾਤੱਤਵ ਖੋਜਾਂ ਅਤੇ ਵਸਤਾਂ ਰਾਹੀਂ ਦਰਸਾਇਆ ਗਿਆ ਹੈ।

ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਇਹ ਐੱਸ ਸੀ ਓ ਦੇ ਢਾਂਚੇ ਤਹਿਤ ਬਹੁਪੱਖੀ ਸਮਾਗਮ ਹੈ ਜਿਸ ਲਈ ਪਾਕਿਸਤਾਨ ਸਮੇਤ ਸਾਰੇ ਮੈਂਬਰ ਮੁਲਕਾਂ ਨੂੰ ਸੱਦਾ ਦਿੱਤਾ ਗਿਆ ਹੈ।

ਪਾਕਿ ਮੰਤਰੀ ਨੂੰ ਸੱਦਾ ਜ਼ਖ਼ਮਾਂ 'ਤੇ ਲੂਣ ਛਿੜਕਣ ਬਰਾਬਰ: ਕਾਂਗਰਸ

ਨਵੀਂ ਦਿੱਲੀ: ਕਾਂਗਰਸ ਨੇ ਸ਼ੰਘਾਈ ਸਹਿਯੋਗ ਸੰਗਠਨ (ਐੱਸ ਸੀ ਓ) ਸੱਭਿਅਤਾ ਸੰਵਾਦ ਸਮਾਗਮ ਲਈ ਪਾਕਿਸਤਾਨੀ ਮੰਤਰੀ ਮੁਸੱਦਿਕ ਮਲਿਕ ਨੂੰ ਭਾਰਤ ਸੱਦਣ 'ਤੇ ਮੋਦੀ ਸਰਕਾਰ ਦੀ ਆਲੋਚਨਾ ਕੀਤੀ ਹੈ। ਪਾਰਟੀ ਤਰਜਮਾਨ ਸੁਪ੍ਰਿਆ ਸ੍ਰੀਨੇਤ ਨੇ ਕਿਹਾ ਕਿ ਪਾਕਿਸਤਾਨੀ ਮੰਤਰੀ ਦਾ ਸਵਾਗਤ ਕਰਨਾ ਪਹਿਲਗਾਮ ਅਤਿਵਾਦੀ ਹਮਲੇ 'ਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਬਰਾਬਰ ਹੈ। ਉਨ੍ਹਾਂ ਸਵਾਲ ਕੀਤਾ ਕਿ ਭਾਰਤ 'ਚ ਅਤਿਵਾਦ ਨੂੰ ਹੱਲਾਸ਼ੇਰੀ ਦੇਣ ਵਾਲੇ ਪਾਕਿਸਤਾਨ ਨੂੰ ਇਸ ਸਮਾਗਮ ਲਈ ਸੱਦਾ ਕਿਉਂ ਦਿੱਤਾ ਗਿਆ?

ਐਮ. ਪੀ. ਅੰਮ੍ਰਿਤਪਾਲ ਸਿੰਘ ਸਖ਼ਤ ਸੁਰੱਖਿਆ ਹੇਠ ਦਾਦੀ ਦੇ ਸਸਕਾਰ 'ਚ ਹੋਏ ਸ਼ਾਮਲ; ਲੱਖਾਂ ਦੀ ਗਿਣਤੀ 'ਚ ਪਹੁੰਚੇ ਲੋਕ

3 ਸਾਲ 7 ਮਹੀਨਿਆਂ ਤੋਂ ਵੱਧ ਸਮੇਂ ਬਾਅਦ ਪਰਿਵਾਰ ਵਿਚਕਾਰ ਪਹੁੰਚੇ ਅੰਮ੍ਰਿਤਪਾਲ ਨੇ ਹੱਥ ਜੋੜ ਕੇ ਸੰਗਤ ਦਾ ਕੀਤਾ ਧੰਨਵਾਦ

ਅੰਮ੍ਰਿਤਸਰ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਸਵਰਗੀ ਦਾਦੀ ਮਾਤਾ ਚਰਨ ਕੌਰ ਦਾ ਅੱਜ ਉਨ੍ਹਾਂ ਦੇ ਜੱਦੀ ਪਿੰਡ ਜੱਲੂਪੁਰ ਖੇੜਾ ਵਿਖੇ ਅੰਤਿਮ ਸਸਕਾਰ ਕਰ ਦਿੱਤਾ ਗਿਆ ਅਤੇ ਉਨ੍ਹਾਂ ਦੀ ਮ੍ਰਿਤਕ ਦੇਹ ਪੰਜ ਤੱਤਾਂ ਵਿੱਚ ਵਿਲੀਨ ਹੋ ਗਈ। ਸੂਤਰਾਂ ਅਨੁਸਾਰ, ਮਾਤਾ ਚਰਨ ਕੌਰ ਦਾ ਅੰਤਿਮ ਸਸਕਾਰ ਉਨ੍ਹਾਂ ਦੇ ਜੱਦੀ ਖੇਤ ਵਿੱਚ ਕੀਤਾ ਗਿਆ, ਜਿੱਥੇ ਕਰੀਬ ਪੰਜ ਏਕੜ ਰਕਬੇ ਵਿੱਚ ਸਸਕਾਰ ਸਮਾਗਮ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਹਿਰਾਸਤੀ ਪੈਰੋਲ 'ਤੇ ਪੁੱਜੇ ਅੰਮ੍ਰਿਤਪਾਲ ਸਿੰਘ ਪੁਲੀਸ ਸੁਰੱਖਿਆ ਹੇਠ ਅੰਤਿਮ ਰਸਮਾਂ ਦੌਰਾਨ ਕੋਲ ਮੌਜੂਦ ਰਹੇ ਅਤੇ ਇਸ ਮੌਕੇ ਉਨ੍ਹਾਂ ਨੇ ਹੱਥ ਜੋੜ ਕੇ ਲੋਕਾਂ ਦਾ ਧੰਨਵਾਦ ਕੀਤਾ।ਇਸ ਤੋਂ ਪਹਿਲਾਂ ਮਾਤਾ ਚਰਨ ਕੌਰ ਦੀ ਮ੍ਰਿਤਕ ਦੇਹ ਨੂੰ ਅੰਤਿਮ ਸਸਕਾਰ ਲਈ ਉਨ੍ਹਾਂ ਦੇ ਜੱਦੀ ਘਰ ਤੋਂ ਇੱਕ ਸਜਾਈ ਹੋਈ ਟਰਾਲੀ ਰਾਹੀਂ ਸਸਕਾਰ ਵਾਲੀ ਥਾਂ ਵੱਲ ਰਵਾਨਾ ਕੀਤਾ ਗਿਆ।



ਇਸ ਅੰਤਿਮ ਯਾਤਰਾ ਵਿੱਚ ਪਰਿਵਾਰਕ ਮੈਂਬਰਾਂ, 'ਵਾਰਿਸ ਪੰਜਾਬ ਦੇ' ਪਾਰਟੀ ਦੀ ਸਮੁੱਚੀ ਲੀਡਰਸ਼ਿਪ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਅਤੇ ਪਾਰਟੀ ਸਮਰਥਕਾਂ ਨੇ ਸ਼ਮੂਲੀਅਤ ਕਰਕੇ ਨਮ ਅੱਖਾਂ ਨਾਲ ਵਿਛੜੀ ਰੂਹ ਨੂੰ ਅੰਤਿਮ ਵਿਦਾਇਗੀ ਦਿੱਤੀ। ਪਾਰਟੀ ਆਗੂ ਸ਼ਮਸ਼ੇਰ ਸਿੰਘ ਪੱਧਰੀ ਨੇ ਦੱਸਿਆ ਕਿ ਰਾਗੀ ਜੱਥਿਆਂ ਵੱਲੋਂ ਵੈਰਾਗਮਈ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਸੰਗਤ ਦੀ ਵੱਡੀ ਆਮਦ ਨੂੰ ਦੇਖਦੇ ਹੋਏ ਚਾਰ ਵੱਖ-ਵੱਖ ਥਾਵਾਂ 'ਤੇ ਪਾਰਕਿੰਗ ਸਟੈਂਡ ਤੇ ਲੰਗਰ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ। ਦੂਜੇ ਪਾਸੇ, ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਆਮਦ ਦੇ ਮੱਦੇਨਜ਼ਰ ਪੁਲੀਸ ਪ੍ਰਸ਼ਾਸਨ ਵੱਲੋਂ ਪੂਰੇ ਪਿੰਡ ਨੂੰ ਛਾਉਣੀ ਵਿੱਚ ਤਬਦੀਲ ਕਰਦਿਆਂ ਸੁਰੱਖਿਆ ਦੇ ਬੇਹੱਦ ਸਖ਼ਤ ਪ੍ਰਬੰਧ ਕੀਤੇ ਗਏ ਸਨ ਅਤੇ ਰਸਤਿਆਂ ਵਿੱਚ ਥਾਂ-ਥਾਂ ਨਾਕੇ ਲਾਏ ਗਏ ਸਨ। ਅੰਮ੍ਰਿਤਪਾਲ ਸਿੰਘ ਪੁਲੀਸ ਦੀ ਇੱਕ ਬਖਤਰਬੰਦ ਗੱਡੀ ਵਿੱਚ ਸੁਰੱਖਿਆ ਕਰਮਚਾਰੀਆਂ ਦੇ ਘੇਰੇ ਹੇਠ ਪਿੰਡ ਪੁੱਜੇ ਸਨ। ਜ਼ਿਕਰਯੋਗ ਹੈ ਕਿ ਅੰਮ੍ਰਿਤਸਰ ਦੇ ਵਧੀਕ ਸੈਸ਼ਨ ਜੱਜ ਨੇ ਮਨੁੱਖੀ ਆਧਾਰ 'ਤੇ 21 ਨਵੰਬਰ ਨੂੰ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਤਿੰਨ ਘੰਟਿਆਂ ਲਈ ਪੁਲੀਸ ਹਿਰਾਸਤ ਵਿੱਚ ਪਿੰਡ ਜੱਲੂਪੁਰ ਖੇੜਾ ਵਿਖੇ ਰਹਿਣ ਦੀ ਹਿਰਾਸਤੀ ਪੈਰੋਲ ਦਿੱਤੀ ਸੀ। ਇਸ ਤਹਿਤ ਅੰਮ੍ਰਿਤਪਾਲ ਸਿੰਘ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਸੱਤ ਵਾਹਨਾਂ ਦੇ ਕਾਫ਼ਲੇ ਰਾਹੀਂ ਹਵਾਈ ਅੱਡੇ ਲਿਆਂਦਾ ਗਿਆ, ਜਿੱਥੋਂ ਹਵਾਈ ਜਹਾਜ਼ ਰਾਹੀਂ ਦਿੱਲੀ ਅਤੇ ਫਿਰ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ (ਰਾਜਾਸਾਂਸੀ) ਅੰਮ੍ਰਿਤਸਰ ਲਿਆਂਦਾ ਗਿਆ। ਤੈਅ ਪ੍ਰਬੰਧਾਂ ਅਨੁਸਾਰ, ਉਨ੍ਹਾਂ ਨੂੰ 22 ਨਵੰਬਰ ਨੂੰ ਮੁੜ ਡਿਬਰੂਗੜ੍ਹ ਜੇਲ੍ਹ ਪਹੁੰਚਾਇਆ ਜਾਵੇਗਾ।

ਸਣਯੋਗ ਹੈ ਕਿ ਅੰਮ੍ਰਿਤਪਾਲ ਸਿੰਘ ਦੀ ਦਾਦੀ ਮਾਤਾ ਚਰਨ ਕੌਰ ਦਾ ਬੀਤੀ 8 ਨਵੰਬਰ ਨੂੰ 84 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਸੀ, ਪਰ ਪਰਿਵਾਰ ਵੱਲੋਂ ਉਨ੍ਹਾਂ ਦੇ ਅੰਤਿਮ ਸਸਕਾਰ ਵਿੱਚ ਸ਼ਾਮਲ ਹੋਣ ਦੀ ਉਡੀਕ ਕੀਤੀ ਜਾ ਰਹੀ ਸੀ। ਇਸ ਤੋਂ ਪਹਿਲਾਂ 14 ਨਵੰਬਰ ਨੂੰ ਵੀ ਉਨ੍ਹਾਂ ਨੂੰ ਪੰਜਾਬ ਲਿਆਉਣ ਦਾ ਪ੍ਰਬੰਧ ਕੀਤਾ ਗਿਆ ਸੀ, ਪਰ ਡਿਬਰੂਗੜ੍ਹ ਅਤੇ ਅੰਮ੍ਰਿਤਸਰ ਵਿਚਾਲੇ ਢੁਕਵੀਆਂ ਹਵਾਈ ਉਡਾਣਾਂ ਤੇ ਆਵਾਜਾਈ ਦੇ ਸਾਧਨ ਉਪਲਬਧ ਨਾ ਹੋਣ ਕਾਰਨ ਇਹ ਸੰਭਵ ਨਹੀਂ ਹੋ ਸਕਿਆ ਸੀ, ਜਿਸ ਮਗਰੋਂ ਅਦਾਲਤ ਵੱਲੋਂ 17 ਨਵੰਬਰ ਨੂੰ ਜਾਰੀ ਨਵੇਂ ਹੁਕਮਾਂ ਤਹਿਤ ਇਹ ਹਿਰਾਸਤੀ ਪੈਰੋਲ ਲਾਗੂ ਕੀਤੀ ਗਈ।

ਫਰਵਰੀ 2023 ਵਿੱਚ ਅਜਨਾਲਾ ਥਾਣੇ ਵਿਖੇ ਵਾਪਰੀ ਘਟਨਾ ਤੋਂ ਬਾਅਦ ਸੁਰਖੀਆਂ ਵਿੱਚ ਆਏ ਸਨ। 23 ਫਰਵਰੀ 2023 ਨੂੰ ਉਨ੍ਹਾਂ ਦੇ ਸਮਰਥਕਾਂ ਵੱਲੋਂ ਆਪਣੇ ਸਾਥੀ ਲਵਪ੍ਰੀਤ ਸਿੰਘ ਤੂਫ਼ਾਨ ਦੀ ਰਿਹਾਈ ਲਈ ਅਜਨਾਲਾ ਥਾਣੇ ਦੇ ਬੈਰੀਕੇਡ ਤੋੜਨ ਦੌਰਾਨ ਹੋਏ ਟਕਰਾਅ ਵਿੱਚ ਐੱਸ.ਪੀ. ਜੁਗਰਾਜ ਸਿੰਘ ਸਮੇਤ ਕਈ ਪੁਲੀਸ ਮੁਲਾਜ਼ਮ ਜ਼ਖ਼ਮੀ ਹੋ ਗਏ ਸਨ। ਇਸ ਘਟਨਾ ਤੋਂ ਬਾਅਦ ਇੱਕ ਮਹੀਨੇ ਤੋਂ ਵੱਧ ਸਮੇਂ ਤੱਕ ਚੱਲੀ ਭਾਲ ਮਗਰੋਂ 23 ਅਪਰੈਲ 2023 ਨੂੰ ਮੋਗਾ ਦੇ ਪਿੰਡ ਰੋਡੇ ਤੋਂ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ ਕੌਮੀ ਸੁਰੱਖਿਆ ਕਾਨੂੰਨ (ਐੱਨ.ਐੱਸ.ਏ.) ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਭੇਜ ਦਿੱਤਾ ਗਿਆ ਸੀ। ਹੁਣ ਲਗਭਗ ਤਿੰਨ ਸਾਲ ਸੱਤ ਮਹੀਨਿਆਂ ਤੋਂ ਵੱਧ ਸਮੇਂ ਬਾਅਦ ਉਹ ਆਪਣੇ ਪਰਿਵਾਰ ਦੇ ਵਿਚਕਾਰ ਪਹੁੰਚੇ ਸਨ।

ਅਮਰੀਕੀ ਅਦਾਲਤ ਵੱਲੋਂ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਤੇ ਸਾਬਕਾ 'ਰਾਅ' ਮੁਖੀ ਸਾਮੰਤ ਗੋਇਲ ਨੂੰ ਸੰਮਨ ਜਾਰੀ

ਵਾਸ਼ਿੰਗਟਨ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਮਰੀਕਾ ਦੀ ਇੱਕ ਅਦਾਲਤ ਨੇ ਖ਼ਾਲਿਸਤਾਨੀ ਵੱਖਵਾਦੀ ਗੁਰਪਤਵੰਤ ਸਿੰਘ ਪੰਨੂ ਨਾਲ ਸਬੰਧਤ ਇੱਕ ਮਾਮਲੇ ਵਿੱਚ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ (ਐੱਨ.ਐੱਸ.ਏ.) ਅਜੀਤ ਡੋਵਾਲ ਅਤੇ ਖ਼ੁਫ਼ੀਆ ਏਜੰਸੀ 'ਰਾਅ' (R&AW) ਦੇ ਸਾਬਕਾ ਡਾਇਰੈਕਟਰ ਸਾਮੰਤ ਗੋਇਲ ਨੂੰ ਸੰਮਨ ਭੇਜੇ ਹਨ। ਜ਼ਿਕਰਯੋਗ ਹੈ ਕਿ ਭਾਰਤੀ ਜਾਂਚ ਏਜੰਸੀਆਂ ਨੂੰ ਵੱਖ-ਵੱਖ ਅਤਿਵਾਦੀ ਦੋਸ਼ਾਂ ਤਹਿਤ ਪੰਨੂ ਦੀ ਭਾਲ ਹੈ।

ਨਿਊਯਾਰਕ ਦੀ 'ਸਾਊਦਰਨ ਡਿਸਟ੍ਰਿਕਟ ਕੋਰਟ' ਦੇ ਕਲਰਕ ਨੇ ਦੱਸਿਆ ਕਿ ਇਹ ਸੰਮਨ ਸ਼ੁੱਕਰਵਾਰ ਨੂੰ 'ਫੈੱਡਐਕਸ' (FedEx) ਰਾਹੀਂ ਨਵੀਂ ਦਿੱਲੀ ਸਥਿਤ ਪਟਿਆਲਾ ਹਾਊਸ ਕੋਰਟ, ਤੀਸ ਹਜ਼ਾਰੀ ਕੋਰਟ ਅਤੇ ਦਵਾਰਕਾ ਜ਼ਿਲ੍ਹਾ ਅਦਾਲਤ ਨੂੰ ਭੇਜੇ



ਗਏ ਹਨ। ਇਸ ਤੋਂ ਪਹਿਲਾਂ ਬੀਤੀ 13 ਨਵੰਬਰ ਨੂੰ ਨਿਊਯਾਰਕ ਦੀ ਇਸੇ ਅਦਾਲਤ ਨੇ 'ਹੇਗ ਕਨਵੈਨਸ਼ਨ' ਦਾ ਹਵਾਲਾ ਦਿੰਦਿਆਂ ਡੋਵਾਲ ਅਤੇ ਗੋਇਲ ਨੂੰ ਸੰਮਨ ਜਾਰੀ ਕਰਨ ਦੇ ਹੁਕਮ ਦਿੱਤੇ ਸਨ।

ਜੱਜ ਕੈਥਰੀਨ ਪੋਲਕ ਫੈਲਾ ਵੱਲੋਂ ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਅਦਾਲਤ ਸਬੰਧਤ ਭਾਰਤੀ ਅਦਾਲਤਾਂ ਨੂੰ ਬੇਨਤੀ ਕਰਦੀ ਹੈ ਕਿ ਉਹ ਇਸ ਦੀਵਾਨੀ ਮੁਕੱਦਮੇ ਵਿੱਚ ਬਚਾਅ ਪੱਖ ਨੂੰ ਸੰਮਨ ਤਾਮੀਲ ਕਰਵਾਉਣ ਵਿੱਚ ਸਹਿਯੋਗ ਕਰਨ। ਜੱਜ ਫੈਲਾ ਨੇ ਹੇਗ ਕਨਵੈਨਸ਼ਨ ਅਤੇ ਭਾਰਤੀ ਸਿਵਲ ਪ੍ਰੋਸੀਜਰ ਕੋਡ (ਸੀ.ਪੀ.ਸੀ.) ਦੀਆਂ ਸਬੰਧਤ ਧਾਰਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਵਿਦੇਸ਼ੀ ਅਦਾਲਤਾਂ ਭਾਰਤੀ ਅਦਾਲਤਾਂ ਰਾਹੀਂ ਡੋਵਾਲ ਅਤੇ ਗੋਇਲ ਨੂੰ ਸੰਮਨ ਭੇਜ ਸਕਦੀਆਂ ਹਨ।

ਹੁਕਮਾਂ ਅਨੁਸਾਰ, ਪਹਿਲਾਂ ਹੇਗ ਕਨਵੈਨਸ਼ਨ ਤਹਿਤ ਭਾਰਤ ਦੀ ਕੇਂਦਰੀ ਅਥਾਰਟੀ ਰਾਹੀਂ ਸੰਮਨ ਭੇਜਣ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਉਸ ਨੂੰ ਰੱਦ ਕਰ ਦਿੱਤਾ ਗਿਆ ਸੀ, ਜਿਸ ਮਗਰੋਂ ਅਦਾਲਤ ਨੇ ਹੇਗ ਕਨਵੈਨਸ਼ਨ ਦੀ ਧਾਰਾ 19 ਅਤੇ ਭਾਰਤੀ ਸੀ.ਪੀ.ਸੀ. ਤਹਿਤ ਬਦਲਵੇਂ ਤਰੀਕੇ ਨਾਲ ਸੰਮਨ ਭੇਜਣ ਦੀ ਮਨਜ਼ੂਰੀ ਦਿੱਤੀ।

ਦੱਸਣਯੋਗ ਹੈ ਕਿ ਪਾਬੰਦੀਸ਼ੁਦਾ ਜਥੇਬੰਦੀ 'ਸਿੱਖਸ ਫਾਰ ਜਸਟਿਸ' (ਐੱਸ.ਐੱਫ.ਜੇ.) ਦੇ ਕਾਨੂੰਨੀ ਸਲਾਹਕਾਰ ਗੁਰਪਤਵੰਤ ਸਿੰਘ ਪੰਨੂ ਨੇ ਆਪਣੀ ਜਾਨ 'ਤੇ ਹੋਏ ਕਥਿਤ ਹਮਲੇ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਹਰਜਾਨੇ ਦੀ ਮੰਗ ਕਰਦਿਆਂ ਇਹ ਦੀਵਾਨੀ ਮੁਕੱਦਮਾ ਦਾਇਰ ਕੀਤਾ ਹੈ।

ਲੋਕਤੰਤਰ ਦੀ ਮਜ਼ਬੂਤੀ ਲਈ ਹਰ ਵੋਟ ਦੀ ਅਹਿਮੀਅਤ ਬਾਰੇ ਜਾਗਰੂਕਤਾ ਜ਼ਰੂਰੀ : ਡਾ. ਸੋਨਾ ਥਿੰਦ



ਨਵੀਂ ਦਿੱਲੀ, 21 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਚੋਣ ਅਫ਼ਸਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੋਟਰ ਜਾਗਰੂਕਤਾ ਮੁਹਿੰਮ (ਸਵੀਪ) ਅਧੀਨ ਜ਼ਿਲ੍ਹੇ ਦੇ ਤਿੰਨੇ ਵਿਧਾਨ ਸਭਾ ਹਲਕਿਆਂ ਵਿੱਚ ਇਲੈਕਟੋਰਲ ਲਿਟਰੇਸੀ ਕਲੱਬਾਂ (ਈ.ਐੱਲ.ਸੀ.) ਰਾਹੀਂ ਕਰਵਾਏ ਗਏ ਕੁਇਜ਼ ਅਤੇ ਲੇਖ ਰਚਨਾ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਗਏ। ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਰਿਟ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਕੁਇਜ਼ ਮੁਕਾਬਲਿਆਂ ਵਿੱਚ ਅੱਵਲ ਰਹਿਣ ਵਾਲੇ 23 ਵਿਦਿਆਰਥੀਆਂ ਅਤੇ ਲੇਖ ਰਚਨਾ ਮੁਕਾਬਲਿਆਂ ਵਿੱਚ ਸ

ਸੰਪਾਦਕੀ

ਦੇਸ਼ ਭਰ ਵਿੱਚ ਰੈਗਿੰਗ ਦੀਆਂ ਘਟਨਾਵਾਂ ਵਿੱਚ ਤੇਜ਼ੀ ਨਾਲ ਹੋ ਰਿਹਾ ਵਾਧਾ

ਇਸ ਸਮੇਂ ਦੇਸ਼ ਭਰ ਵਿੱਚ ਰੈਗਿੰਗ ਦੀਆਂ ਘਟਨਾਵਾਂ ਵਿੱਚ ਤੇਜ਼ੀ ਨਾਲ ਹੋਇਆ ਵਾਧਾ ਸਾਡੀ ਉੱਚ ਸਿੱਖਿਆ ਪ੍ਰਣਾਲੀ ਉੱਤੇ ਇੱਕ ਵੱਡਾ ਸਵਾਲੀਆ ਨਿਸ਼ਾਨ ਹੈ। ਸਾਲ 2022 ਤੋਂ ਲੈ ਕੇ ਹੁਣ ਤੱਕ ਯੂ ਜੀ ਸੀ (ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ) ਕੋਲ ਲਗਪਗ 6 ਹਜ਼ਾਰ ਸ਼ਿਕਾਇਤਾਂ ਪਹੁੰਚ ਚੁੱਕੀਆਂ ਹਨ, ਜੋ 180 ਫ਼ੀਸਦੀ ਦਾ ਵੱਡਾ ਵਾਧਾ ਦਰਸਾਉਂਦੀਆਂ ਹਨ। ਭਾਵੇਂ ਇਸ ਵਾਧੇ ਪਿੱਛੇ ਜਾਗਰੂਕਤਾ ਵਧਣ ਅਤੇ ਵਿਦਿਆਰਥੀਆਂ ਵੱਲੋਂ ਖੁੱਲ੍ਹ ਕੇ ਸਾਹਮਣੇ ਆਉਣਾ ਵੀ ਇੱਕ ਕਾਰਨ ਰਹੇ ਹਨ, ਪਰ ਇਹ ਅੰਕੜੇ ਇਸ ਗੱਲ ਦਾ ਸਪੱਸ਼ਟ ਪ੍ਰਮਾਣ ਹਨ ਕਿ ਸਿੱਖਿਆ ਸੰਸਥਾਵਾਂ ਵਿਦਿਆਰਥੀਆਂ ਨੂੰ ਸੁਰੱਖਿਅਤ ਮਾਹੌਲ ਦੇਣ ਵਿੱਚ ਬੁਰੀ ਤਰ੍ਹਾਂ ਅਸਫ਼ਲ ਰਹੀਆਂ ਹਨ। ਖਾਸ ਕਰਕੇ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚ ਇਹ ਸਮੱਸਿਆ ਬਹੁਤ ਗੰਭੀਰ ਹੈ, ਜਿੱਥੇ 2022 ਤੋਂ ਜੁਲਾਈ 2026 ਦਰਮਿਆਨ ਕੁੱਲ 256 ਸ਼ਿਕਾਇਤਾਂ ਦਰਜ ਕੀਤੀਆਂ ਗਈਆਂ ਹਨ। ਇਸ ਖਿੱਤੇ ਵਿੱਚ ਸਾਹਮਣੇ ਆਈਆਂ ਤਾਜ਼ਾ ਘਟਨਾਵਾਂ ਰੂਹ ਕੰਬਾ ਦੇਣ ਵਾਲੀਆਂ ਹਨ। ਧਰਮਸ਼ਾਲਾ ਦੇ ਸਰਕਾਰੀ ਡਿਗਰੀ ਕਾਲਜ ਇੱਕ 19 ਸਾਲਾ ਵਿਦਿਆਰਥਣ ਦੀ ਆਪਣੇ ਸਾਥੀ ਵਿਦਿਆਰਥੀਆਂ ਅਤੇ ਇੱਕ ਅਧਿਆਪਕ ਵੱਲੋਂ ਕਥਿਤ ਤੌਰ 'ਤੇ ਕੀਤੇ ਗਏ ਸਰੀਰਕ ਅਤੇ ਮਾਨਸਿਕ ਤਸ਼ੱਦਦ ਮਗਰੋਂ ਮੌਤ ਹੋ ਗਈ। ਸੋਲਨ ਦੀ ਬਾਹਰਾ ਯੂਨੀਵਰਸਿਟੀ ਵਿੱਚ ਇੱਕ ਨਵੇਂ ਵਿਦਿਆਰਥੀ ਦੀ ਕੁੱਟਮਾਰ ਕਰਨ ਅਤੇ ਉਸ ਨੂੰ ਜ਼ਬਰਦਸਤੀ ਸ਼ਰਾਬ ਪਿਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸੇ ਤਰ੍ਹਾਂ ਟਾਂਡਾ ਮੈਡੀਕਲ ਕਾਲਜ ਵਿੱਚ ਸੀਨੀਅਰਾਂ ਵੱਲੋਂ ਕਥਿਤ ਤੌਰ 'ਤੇ ਨੌਂ ਜੂਨੀਅਰਾਂ ਨਾਲ ਮਾਰਕੁੱਟ ਕੀਤੀ ਗਈ, ਜਦੋਂਕਿ ਸੋਨੀਪਤ ਦੀ ਓ ਪੀ ਜਿੰਦਲ ਗਲੋਬਲ ਯੂਨੀਵਰਸਿਟੀ ਵਿੱਚ ਇੱਕ ਜੂਨੀਅਰ ਨਾਲ ਬੇਰਹਿਮੀ ਕਰਨ ਦੇ ਦੋਸ਼ ਹੇਠ ਛੇ ਵਿਦਿਆਰਥੀਆਂ ਵਿਰੁੱਧ ਕੇਸ ਦਰਜ ਕੀਤਾ ਗਿਆ ਹੈ। ਇਹ ਸਭ ਮਹਿਜ਼ ਹਾਸੇ-ਮਜ਼ਾਕ ਜਾਂ ਜਾਣ-ਪਛਾਣ ਦੇ ਰਵਾਇਤੀ ਤਰੀਕੇ ਨਹੀਂ ਸਗੋਂ ਧੱਕੇਸ਼ਾਹੀ, ਡਰਾਉਣ-ਧਮਕਾਉਣ ਅਤੇ ਤਾਕਤ ਦ ਦੁਰਵਰਤੋਂ ਦਾ ਘਿਣਾਉਣਾ ਪ੍ਰਗਟਾਵਾ ਹੈ। ਤ੍ਰਾਸਦੀ ਇਹ ਹੈ ਕਿ 2009 ਟਾਂਡਾ ਮੈਡੀਕਲ ਕਾਲਜ ਵਿੱਚ ਵਿਦਿਆਰਥੀ ਅਮਨ ਕਾਚਰੂ ਦੀ ਮੌਤ ਤੋਂ ਬਾਅਦ ਦੇਸ਼ ਵਿੱਚ ਸਾਲ 2009 ਤੋਂ ਵਿਆਪਕ ਰੈਗਿੰਗ ਵਿਰੋਧੀ ਕਾਨੂੰਨ ਮੌਜੂਦ ਹਨ। ਫਿਰ ਵੀ 17 ਸਾਲ ਬੀਤਣ ਤੋਂ ਬਾਅਦ ਵੀ ਇਹ ਵਰਤਾਰਾ ਜਿਉਂ ਦਾ ਤਿਉਂ ਜਾਰੀ ਹੈ। ਯੂ ਜੀ ਸੀ ਨੇ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੀਆਂ 107 ਸੰਸਥਾਵਾਂ ਨੂੰ ਸਾਲ 2025 ਵਿੱਚ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਸਨ। ਇਹ ਗੱਲ ਬਿਲਕੁਲ ਸਾਫ਼ ਹੈ ਕਿ ਸਿਰਫ਼ ਕਾਨੂੰਨ ਬਣਾਉਣ ਅਤੇ ਹੈਲਪਲਾਈਨ ਨੰਬਰ ਜਾਰੀ ਕਰਨ ਨਾਲ ਇਸ ਅਮਲ ਨੂੰ ਰੋਕਿਆ ਨਹੀਂ ਜਾ ਸਕਦਾ। ਵਿਦਿਆਰਥੀ ਅਕਸਰ ਬਦਲੇ ਦੀ ਭਾਵਨਾ ਤੋਂ ਡਰਦਿਆਂ ਸ਼ਿਕਾਇਤ ਕਰਨ ਤੋਂ ਗੁਰੇਜ਼ ਕਰਦੇ ਹਨ, ਜਦੋਂਕਿ ਸਿੱਖਿਆ ਸੰਸਥਾਵਾਂ ਆਪਣੀ ਸਾਖ ਬਚਾਉਣ ਲਈ ਅਜਿਹੇ ਮਾਮਲਿਆਂ ਨੂੰ ਦਬਾਉਣ ਦੀ ਕੋਸ਼ਿਸ਼ ਕਰਦੀਆਂ ਹਨ। ਯੂ ਜੀ ਸੀ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਮਾਮਲਿਆਂ ਦੀ ਸੁਤੰਤਰ ਜਾਂਚ ਹੋਵੇ, ਸ਼ਿਕਾਇਤ ਪ੍ਰਣਾਲੀ ਪੂਰੀ ਤਰ੍ਹਾਂ ਗੁਪਤ ਰਹੇ ਤੇ ਤੈਅ ਸਮੇਂ ਵਿੱਚ ਕਾਰਵਾਈ ਕੀਤੀ ਜਾਵੇ। ਲਾਪਰਵਾਹੀ ਵਰਤਣ ਵਾਲੇ ਪ੍ਰਿੰਸੀਪਲਾਂ, ਵਾਰਡਨਾਂ ਅਤੇ ਪ੍ਰਬੰਧਕਾਂ ਦੀ ਜਵਾਬਦੇਹੀ ਤੈਅ ਕੀਤੀ ਜਾਣੀ ਚਾਹੀਦੀ ਹੈ। ਕਾਲਜਾਂ ਨੂੰ ਚਾਹੀਦਾ ਹੈ ਕਿ ਉਹ ਹੋਸਟਲਾਂ ਦੀ ਨਿਯਮਤ ਤੌਰ ਉੱਤੇ ਜਾਂਚ ਕਰਨ ਅਤੇ ਪੀੜਤ ਵਿਦਿਆਰਥੀਆਂ ਨੂੰ ਬਣਦੀ ਸੁਰੱਖਿਆ ਤੇ ਕਾਊਂਸਲਿੰਗ ਮੁਹੱਈਆ ਕਰਵਾਉਣ। ਕਿਸੇ ਵੀ ਵਿਦਿਆਰਥੀ ਨੂੰ ਆਪਣੀ ਪੜ੍ਹਾਈ ਦੀ ਕੀਮਤ ਆਪਣੀ ਇੱਜ਼ਤ ਜਾਂ ਜਾਨ ਗੁਆ ਕੇ ਨਾ ਚੁਕਾਉਣੀ ਪਵੇ।

-ਛੱਤਰਪਾਲ ਸਿੰਘ ਚੌਧਰੀ

ਸ਼ੂਗਰ ਦੀ ਮਾਰ: 10.1 ਕਰੋੜ ਬਿਮਾਰ, ਹੋਰ 13.6 ਕਰੋੜ ਤਿਆਰ

ਵਿਗਿਆਨਕ ਅਧਿਐਨ ਦੇ ਅੰਕੜਿਆਂ 'ਚੋਂ ਉੱਭਰਦੀ ਤਸਵੀਰ; ਪੰਜਾਬ ਵੀ ਖ਼ਤਰੇ ਦੇ ਘੇਰੇ 'ਚ



ਗੁਰਮੀਤ ਸਿੰਘ ਤੁੰਗ
9855221193

ਭਾਰਤ ਵਿੱਚ ਸ਼ੂਗਰ ਦੀ ਬਿਮਾਰੀ ਹੁਣ ਸਿਰਫ਼ ਕੁਝ ਘਰਾਂ, ਕੁਝ ਉਮਰਾਂ ਜਾਂ ਸ਼ਹਿਰੀ ਜੀਵਨ-ਢੰਗ ਤੱਕ ਸੀਮਤ ਰਹੀ ਸਮੱਸਿਆ ਨਹੀਂ, ਸਗੋਂ ਇਹ ਦੇਸ਼ ਦੇ ਜਨਤਕ ਸਿਹਤ ਢਾਂਚੇ ਸਾਹਮਣੇ ਖੜ੍ਹੀਆਂ ਸਭ ਤੋਂ ਵੱਡੀਆਂ ਚੁਣੌਤੀਆਂ ਵਿੱਚੋਂ ਇੱਕ ਬਣਦੀ ਜਾ ਰਹੀ ਹੈ। ਭਾਰਤੀ ਮੈਡੀਕਲ ਖੋਜ ਕੌਂਸਲ (ਆਈਸੀਐਮਆਰ) ਅਤੇ ਆਈਸੀਐੱਮਆਰ -ਇੰਡਿਆਬ ਵੱਲੋਂ ਕੀਤੇ ਗਏ ਦੇਸ਼-ਵਿਆਪੀ ਅਧਿਐਨ ਨੇ ਭਾਰਤ ਵਿੱਚ ਸ਼ੂਗਰ, ਪ੍ਰੀ-ਡਾਇਬਟੀਜ਼, ਉੱਚ ਰਕਤਚਾਪ, ਮੋਟਾਪੇ ਅਤੇ ਖ਼ੂਨ ਵਿੱਚ ਚਰਬੀ ਦੀ ਗੜਬੜ ਨਾਲ ਜੁੜੇ ਅੰਕੜਿਆਂ ਦੀ ਅਜਿਹੀ ਤਸਵੀਰ ਪੇਸ਼ ਕੀਤੀ ਹੈ, ਜਿਸ ਨੂੰ ਸਿਰਫ਼ ਅੰਕੜਿਆਂ ਦੀ ਰਿਪੋਰਟ ਸਮਝ ਕੇ ਨਜ਼ਰਅੰਦਾਜ਼ ਕਰਨਾ ਸਿਹਤ ਨੀਤੀ, ਸਮਾਜ ਅਤੇ ਵਿਅਕਤੀਗਤ ਜੀਵਨ—ਤਿੰਨਾਂ ਪੱਧਰਾਂ 'ਤੇ ਗੰਭੀਰ ਭੁੱਲ ਹੋਵੇਗੀ।

ਭਾਰਤ ਵਿੱਚ ਪਾਚਕ-ਕਿਰਿਆ ਨਾਲ ਜੁੜੀਆਂ ਗ਼ੈਰ-ਛੂਤ ਦੀਆਂ ਬਿਮਾਰੀਆਂ ਬਾਰੇ ਆਈ.ਸੀ.ਐੱਮ.ਆਰ.-ਇੰਡੀਆਬ ਵੱਲੋਂ ਦੇਸ਼-ਪੱਧਰ 'ਤੇ ਕੀਤੇ ਗਏ ਅਧਿਐਨ ਦੀ ਰਿਪੋਰਟ ਮੁਤਾਬਕ, ਭਾਰਤ ਵਿੱਚ ਲਗਭਗ 10.1 ਕਰੋੜ ਲੋਕ ਸ਼ੂਗਰ ਨਾਲ ਪੀੜਤ ਹਨ, ਜਦਕਿ 13.6 ਕਰੋੜ ਲੋਕ ਪ੍ਰੀ-ਡਾਇਬਟੀਜ਼ ਦੀ ਹਾਲਤ ਵਿੱਚ ਹਨ। ਅਧਿਐਨ ਵਿੱਚ 31 ਰਾਜਾਂ, ਕੇਂਦਰ ਸ਼ਾਸਿਤ ਪ੍ਰਦੇਸ਼ਾਂ ਅਤੇ ਦਿੱਲੀ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ 20 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਸ਼ਾਮਲ ਕੀਤਾ ਗਿਆ। ਕੁੱਲ 1,13,043 ਵਿਅਕਤੀਆਂ ਦੇ ਅੰਕੜਿਆਂ ਦੇ ਵਿਸ਼ਲੇਸ਼ਣ ਨੇ ਦੇਸ਼ ਵਿੱਚ ਮੈਟਾਬੋਲਿਕ ਬਿਮਾਰੀਆਂ ਦੇ ਪਸਾਰ ਅਤੇ ਖੇਤਰੀ ਵਖਰੇਵਿਆਂ ਨੂੰ ਸਾਹਮਣੇ ਲਿਆਂਦਾ।

ਅਧਿਐਨ ਅਨੁਸਾਰ ਭਾਰਤ ਦੀ ਬਾਲਗ ਆਬਾਦੀ ਵਿੱਚ ਸ਼ੂਗਰ ਦਾ ਅੰਦਾਜ਼ਨ ਪਸਾਰ 11.4 ਫ਼ੀਸਦੀ ਹੈ, ਜਦਕਿ ਪ੍ਰੀ-ਡਾਇਬਟੀਜ਼ 15.3 ਫ਼ੀਸਦੀ ਦਰਜ ਕੀਤੀ ਗਈ। ਇਸ ਦਾ ਭਾਵ ਹੈ ਕਿ ਸ਼ੂਗਰ ਨਾਲ ਪੀੜਤ ਲੋਕਾਂ ਤੋਂ ਇਲਾਵਾ ਇੱਕ ਵੱਡੀ ਆਬਾਦੀ ਅਜਿਹੀ ਵੀ ਹੈ, ਜਿਸ ਦਾ ਖ਼ੂਨ ਵਿੱਚ ਸ਼ੱਕਰ ਦਾ ਪੱਧਰ ਆਮ ਨਾਲੋਂ ਉੱਚਾ ਹੈ, ਪਰ ਉਹ ਅਜੇ ਸ਼ੂਗਰ ਦੀ ਨਿਰਧਾਰਤ ਹੱਦ ਤੱਕ ਨਹੀਂ ਪਹੁੰਚਿਆ।

ਪ੍ਰੀ-ਡਾਇਬਟੀਜ਼ ਨੂੰ ਬਿਮਾਰੀ ਵੱਲ ਵਧਦੇ ਰਾਹ ਦੀ ਇੱਕ ਚਿਤਾਵਨੀ ਮੰਨਿਆ ਜਾਂਦਾ ਹੈ। ਇਹ ਲਾਜ਼ਮੀ ਨਹੀਂ ਕਿ ਹਰ ਪ੍ਰੀ-ਡਾਇਬਟੀਜ਼ ਵਾਲਾ ਵਿਅਕਤੀ ਸ਼ੂਗਰ ਦਾ ਮਰੀਜ਼ ਬਣੇ, ਪਰ ਸਹੀ ਖੁਰਾਕ, ਸਰੀਰਕ ਸਰਗਰਮੀ, ਵਜ਼ਨ ਦਾ ਸੰਤੁਲਨ ਅਤੇ ਸਮੇਂ ਸਿਰ ਜਾਂਚ ਰਾਹੀਂ ਇਸ ਖ਼ਤਰੇ ਨੂੰ ਘਟਾਉਣ ਦੇ ਮੌਕੇ ਮੌਜੂਦ ਰਹਿੰਦੇ ਹਨ। ਇਸੇ ਕਰਕੇ 13.6 ਕਰੋੜ ਪ੍ਰੀ-ਡਾਇਬਟੀਜ਼ ਵਾਲੇ ਲੋਕਾਂ ਦਾ ਅੰਕੜਾ ਸਿਹਤ ਵਿਭਾਗਾਂ ਲਈ ਇਲਾਜ ਨਾਲੋਂ ਪਹਿਲਾਂ ਰੋਕਥਾਮ ਦੀ ਨੀਤੀ ਬਣਾਉਣ ਦਾ ਵੱਡਾ ਸੰਕੇਤ ਹੈ।

ਕੀ ਚਾਰ ਸਾਲਾਂ ਵਿੱਚ 44 ਫ਼ੀਸਦੀ ਵਾਧਾ ਹੋਇਆ ?: ਇਸ ਅਧਿਐਨ ਨਾਲ ਜੁੜੀ ਖ਼ਬਰ ਵਿੱਚ ਸ਼ੂਗਰ ਦੇ ਮਰੀਜ਼ਾਂ ਦੀ ਗਿਣਤੀ 7 ਕਰੋੜ ਤੋਂ ਵਧ ਕੇ 10.1 ਕਰੋੜ ਹੋਣ ਅਤੇ 44 ਫ਼ੀਸਦੀ ਵਾਧੇ ਦਾ ਜ਼ਿਕਰ ਕੀਤਾ ਗਿਆ ਹੈ। ਗਣਿਤਕ ਤੌਰ 'ਤੇ 7 ਕਰੋੜ ਤੋਂ 10.1 ਕਰੋੜ ਤੱਕ ਦਾ ਫ਼ਰਕ ਲਗਭਗ 44.3 ਫ਼ੀਸਦੀ ਬਣਦਾ ਹੈ। ਪਰ ਇਸ ਨੂੰ ਸਿਰਫ਼ ਚਾਰ ਸਾਲਾਂ ਵਿੱਚ ਸ਼ੂਗਰ ਦੇ ਮਰੀਜ਼ਾਂ ਦੀ ਅਸਲ ਵਾਧੂ ਗਿਣਤੀ ਵਜੋਂ ਦਰਸਾਉਣਾ ਪੂਰੀ ਤਰ੍ਹਾਂ ਸਹੀ ਵਿਗਿਆਨਕ ਵਿਆਖਿਆ ਨਹੀਂ ਹੋਵੇਗੀ।

ਨਵੇਂ ਆਈਸੀਐੱਮਆਰ -ਇੰਡੀਆਬ ਅਧਿਐਨ ਵਿੱਚ ਪਹਿਲਾਂ ਨਾਲੋਂ ਵਧੇਰੇ ਰਾਜਾਂ ਅਤੇ ਖੇਤਰਾਂ ਦੀ ਨੁਮਾਇੰਦਗੀ, ਵਧੇਰੇ ਵਿਸਤ੍ਰਿਤ ਸਰਵੇਖਣ ਅਤੇ ਵੱਖਰੀ ਅਧਿਐਨ-ਵਿਧੀ ਵਰਤੀ ਗਈ ਸੀ। ਇਸ ਲਈ ਪੁਰਾਣੇ ਅਤੇ ਨਵੇਂ ਅਨੁਮਾਨਾਂ ਵਿਚਕਾਰ ਅੰਤਰ ਵਿੱਚ ਬਿਮਾਰੀ ਦੇ ਅਸਲ ਵਾਧੇ ਦੇ ਨਾਲ-ਨਾਲ ਸਰਵੇਖਣ ਦੇ ਦਾਇਰੇ ਅਤੇ ਅੰਕੜਿਆਂ ਦੀ ਵਿਧੀ ਦਾ ਪ੍ਰਭਾਵ ਵੀ ਹੋ ਸਕਦਾ ਹੈ। ਇਸ ਅਧਿਐਨ ਦਾ ਵਧੇਰੇ ਮਜ਼ਬੂਤ ਨਤੀਜਾ ਇਹ ਹੈ ਕਿ ਭਾਰਤ ਵਿੱਚ ਮੈਟਾਬੋਲਿਕ ਬਿਮਾਰੀਆਂ ਦਾ ਬੋਝ ਪਹਿਲਾਂ ਮੰਨੇ ਜਾਂਦੇ ਅਨੁਮਾਨਾਂ ਨਾਲੋਂ ਕਾਫ਼ੀ ਵੱਧ ਹੈ।

ਸ਼ੂਗਰ ਇਕੱਲੀ ਨਹੀਂ; ਬਿਮਾਰੀਆਂ ਦਾ ਪੂਰਾ ਘੇਰਾ

ਇਸ ਖੋਜ ਦਾ ਸਭ ਤੋਂ ਚਿੰਤਾਜਨਕ ਪੱਖ ਇਹ ਹੈ ਕਿ ਸ਼ੂਗਰ ਦੇ ਨਾਲ ਹੋਰ ਮੈਟਾਬੋਲਿਕ ਬਿਮਾਰੀਆਂ ਵੀ ਵੱਡੇ ਪੱਧਰ 'ਤੇ ਮੌਜੂਦ ਹਨ। ਅਧਿਐਨ ਅਨੁਸਾਰ ਭਾਰਤ ਵਿੱਚ ਲਗਭਗ 31.5 ਕਰੋੜ ਲੋਕ ਉੱਚ ਰਕਤਚਾਪ, 25.4 ਕਰੋੜ ਲੋਕ ਆਮ ਮੋਟਾਪੇ ਅਤੇ 35.1 ਕਰੋੜ ਲੋਕ ਪੇਟ ਦੇ ਮੋਟਾਪੇ ਨਾਲ ਜੁੜੀਆਂ ਸਥਿਤੀਆਂ ਵਿੱਚ ਹਨ। ਖ਼ੂਨ ਵਿੱਚ ਚਰਬੀ ਦੇ ਵੱਖ-ਵੱਖ ਪੱਧਰਾਂ ਦੀ ਗੜਬੜ, ਜਿਸ ਨੂੰ ਡਿਸਲਿਪੀਡਮੀਆ ਕਿਹਾ ਜਾਂਦਾ ਹੈ, ਵੀ ਵੱਡੇ ਪੱਧਰ 'ਤੇ ਦਰਜ ਕੀਤੀ ਗਈ।

35.5%
ਹਾਈ ਬੀ-ਪੀ
ਅੰਦਾਜ਼ਨ 31.5 ਕਰੋੜ ਲੋਕ
28.6%
ਆਮ ਮੋਟਾਪਾ
ਅੰਦਾਜ਼ਨ 25.4 ਕਰੋੜ ਲੋਕ
39.5%
ਪੇਟ ਦਾ ਮੋਟਾਪਾ
ਅੰਦਾਜ਼ਨ 35.1 ਕਰੋੜ ਲੋਕ
81.2%
ਡਿਸਲਿਪੀਡਮੀਆ

ਅਧਿਐਨ ਵਿੱਚ ਦਰਜ ਵਿਸ਼ੇਸ਼ ਮਾਪਦੰਡਾਂ ਅਧੀਨ

ਇਹ ਬਿਮਾਰੀਆਂ ਅਕਸਰ ਇੱਕ-ਦੂਜੇ ਨਾਲ ਜੁੜੀਆਂ ਹੁੰਦੀਆਂ ਹਨ। ਮੋਟਾਪਾ, ਖ਼ਾਸ ਕਰਕੇ ਪੇਟ ਦੇ ਆਲੇ-ਦੁਆਲੇ ਚਰਬੀ ਦਾ ਵਧਣਾ, ਸਰੀਰ ਦੀ ਇਨਸੁਲਿਨ ਪ੍ਰਤੀ ਸੰਵੇਦਨਸ਼ੀਲਤਾ ਘਟਾ ਸਕਦਾ ਹੈ। ਉੱਚ ਰਕਤਚਾਪ ਅਤੇ ਖ਼ੂਨ ਵਿੱਚ ਚਰਬੀ ਦੀ ਗੜਬੜ ਨਾਲ ਜੁੜੇ ਖ਼ਤਰੇ ਸ਼ੂਗਰ ਦੇ ਮਰੀਜ਼ਾਂ ਵਿੱਚ ਦਿਲ, ਗੁਰਦਿਆਂ, ਅੱਖਾਂ ਅਤੇ ਖ਼ੂਨ ਦੀਆਂ ਨਾੜੀਆਂ ਦੀਆਂ ਸਮੱਸਿਆਵਾਂ ਨੂੰ ਹੋਰ ਗੰਭੀਰ ਬਣਾ ਸਕਦੇ ਹਨ। ਇਸ ਲਈ ਸ਼ੂਗਰ ਦਾ ਇਲਾਜ ਸਿਰਫ਼ ਖ਼ੂਨ ਵਿੱਚ ਸ਼ੱਕਰ ਦੇ ਪੱਧਰ ਨੂੰ ਘਟਾਉਣ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ।

ਗੋਆ ਸਭ ਤੋਂ ਉੱਪਰ, ਪੰਜਾਬ ਵੀ ਚਿੰਤਾ ਦੇ ਘੇਰੇ ਵਿੱਚ:ਅਧਿਐਨ ਦੀ ਸੂਬਾ-ਵਾਰ ਤਸਵੀਰ ਵੀ ਕਾਫ਼ੀ ਅਹਿਮ ਹੈ। ਸ਼ੂਗਰ ਦਾ ਸਭ ਤੋਂ ਵੱਧ ਅੰਦਾਜ਼ਨ ਪਸਾਰ ਗੋਆ ਵਿੱਚ 26.4 ਫ਼ੀਸਦੀ ਦਰਜ ਕੀਤਾ ਗਿਆ, ਜਦਕਿ ਪੁਡੂਚੇਰੀ ਵਿੱਚ 26.3 ਅਤੇ ਕੇਰਲ ਵਿੱਚ 25.5 ਫ਼ੀਸਦੀ ਸੀ। ਦੂਜੇ ਪਾਸੇ, ਪ੍ਰੀ-ਡਾਇਬਟੀਜ਼ ਦਾ ਸਭ ਤੋਂ ਵੱਧ ਪਸਾਰ ਸਿੱਕਮ ਵਿੱਚ 31.3 ਫ਼ੀਸਦੀ ਦਰਜ ਕੀਤਾ ਗਿਆ।

ਰਾਜ/ਖੇਤਰ ਸ਼ੂਗਰ ਦਾ ਪਸਾਰ
ਗੋਆ 26.4%
ਪੁਡੂਚੇਰੀ 26.3%
ਕੇਰਲ 25.5%
ਚੰਡੀਗੜ੍ਹ 20.4%
ਦਿੱਲੀ 17.8%
ਤਾਮਿਲਨਾਡੂ 14.4%
ਪੱਛਮੀ ਬੰਗਾਲ 13.7%
ਸਿੱਕਮ 12.8%
ਪੰਜਾਬ 12.7%
ਹਰਿਆਣਾ 12.4%

ਉਪਰੋਕਤ ਦਰਾਂ ਆਈਸੀਐੱਮਆਰ -ਇੰਡੀਆਬ ਅਧਿਐਨ ਦੇ ਸੂਬਾ-ਵਾਰ ਅੰਦਾਜ਼ੇ ਹਨ; ਇਹ ਮੌਜੂਦਾ ਸਾਲ ਦੀ ਨਵੀਂ ਜਾਂਚ-ਰਿਪੋਰਟ ਨਹੀਂ।

ਪੰਜਾਬ ਵਿੱਚ ਸ਼ੂਗਰ ਦਾ ਅੰਦਾਜ਼ਨ ਪਸਾਰ 12.7 ਫ਼ੀਸਦੀ ਦਰਜ ਹੋਇਆ, ਜਦਕਿ ਪ੍ਰੀ-ਡਾਇਬਟੀਜ਼ 8.7 ਫ਼ੀਸਦੀ ਸੀ। ਪਰ ਪੰਜਾਬ ਲਈ ਚਿੰਤਾ ਦਾ ਇੱਕ ਹੋਰ ਪੱਖ ਹਾਈ ਬਲੱਡ ਪ੍ਰੈਸ਼ਰ ਹੈ। ਆਈਸੀਐਮਆਰ -ਇੰਦਿਆਬ ਅਧਿਐਨ ਦੇ ਅੰਕੜਿਆਂ ਦੀ ਸਮੀਖਿਆ ਵਿੱਚ ਪੰਜਾਬ ਵਿੱਚ ਹਾਈਪਰਟੈਨਸ਼ਨ ਦਾ ਪਸਾਰ 51.8 ਫ਼ੀਸਦੀ ਦਰਸਾਇਆ ਗਿਆ। ਇਸ ਅੰਕੜੇ ਨੂੰ ਸ਼ੂਗਰ ਦੇ ਅੰਕੜੇ ਨਾਲ ਗੱਡਮੱਡ ਨਹੀਂ ਕਰਨਾ ਚਾਹੀਦਾ, ਪਰ ਇਹ ਪੰਜਾਬ ਵਿੱਚ ਮੈਟਾਬੋਲਿਕ ਅਤੇ ਦਿਲ-ਸਬੰਧੀ ਖ਼ਤਰਿਆਂ ਦੀ ਸਾਂਝੀ ਤਸਵੀਰ ਨੂੰ ਜ਼ਰੂਰ ਉਜਾਗਰ ਕਰਦਾ ਹੈ।

ਇਸ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਵਿੱਚ ਕੀਤੇ ਗਏ ਸੂਬਾ-ਪੱਧਰੀ ਸਟੈੱਪਸ ਸਰਵੇਖਣ ਨੇ ਵੀ ਸ਼ੂਗਰ ਅਤੇ ਹਾਈਪਰਟੈਨਸ਼ਨ ਬਾਰੇ ਜਾਗਰੂਕਤਾ, ਇਲਾਜ ਅਤੇ ਕਾਬੂ ਦੇ ਪੱਧਰਾਂ ਵਿੱਚ ਕਮੀਆਂ ਦਰਜ ਕੀਤੀਆਂ ਸਨ। 2014-15 ਵਿੱਚ ਪੰਜਾਬ ਦੇ 5,127 ਅਤੇ 2016-18 ਵਿੱਚ ਹਰਿਆਣਾ ਦੇ 5,078 ਵਿਅਕਤੀਆਂ ਦੇ ਅਧਿਐਨ ਵਿੱਚ ਪੰਜਾਬ ਵਿੱਚ ਸ਼ੂਗਰ ਦਾ ਪਸਾਰ 14.3 ਫ਼ੀਸਦੀ ਅਤੇ ਹਾਈਪਰਟੈਨਸ਼ਨ 40.1 ਫ਼ੀਸਦੀ ਦਰਜ ਕੀਤਾ ਗਿਆ ਸੀ। ਇਸ ਸਰਵੇਖਣ ਅਤੇ ਆਈਸੀਐੱਮਆਰ -ਇੰਦਿਆਬ ਦੀਆਂ ਦਰਾਂ ਵਿੱਚ ਅੰਤਰ ਹੋਣ ਦਾ ਕਾਰਨ ਅਧਿਐਨ ਦਾ ਸਮਾਂ, ਨਮੂਨਾ ਅਤੇ ਵਿਧੀ ਹੋ ਸਕਦੇ ਹਨ; ਇਨ੍ਹਾਂ ਨੂੰ ਸਿੱਧੀ ਸਾਲਾਨਾ ਤੁਲਨਾ ਨਹੀਂ ਮੰਨਿਆ ਜਾ ਸਕਦਾ।

ਜੀਵਨ-ਢੰਗ ਵਿੱਚ ਤਬਦੀਲੀ, ਰੋਕਥਾਮ ਦਾ ਸਭ ਤੋਂ ਅਹਿਮ ਹਿੱਸਾ: ਸ਼ੂਗਰ ਦੇ ਵਧਦੇ ਬੋਝ ਪਿੱਛੇ ਕਈ ਕਾਰਕ ਕੰਮ ਕਰਦੇ ਹਨ। ਸਰੀਰਕ ਸਰਗਰਮੀ ਦੀ ਘਾਟ, ਲੰਮੇ ਸਮੇਂ ਤੱਕ ਬੈਠ ਕੇ ਕੰਮ ਕਰਨ ਦੀ ਆਦਤ, ਵਧਦਾ ਵਜ਼ਨ, ਬੇਤਰਤੀਬ ਖਾਣ-ਪੀਣ, ਵਧੇਰੇ ਕੈਲੋਰੀ ਵਾਲੇ ਭੋਜਨ, ਨੀਂਦ ਦੀ ਗੜਬੜ, ਉਮਰ ਅਤੇ ਪਰਿਵਾਰਕ ਇਤਿਹਾਸ ਵਰਗੇ ਕਾਰਕ ਸ਼ੂਗਰ ਦੇ ਖ਼ਤਰੇ ਨਾਲ ਜੁੜੇ ਹੋਏ ਹਨ। ਇਹ ਸਾਰੇ ਕਾਰਕ ਹਰ ਵਿਅਕਤੀ ਵਿੱਚ ਇੱਕੋ ਜਿਹੇ ਨਹੀਂ ਹੁੰਦੇ ਅਤੇ ਸ਼ੂਗਰ ਨੂੰ ਸਿਰਫ਼ ਕਿਸੇ ਇੱਕ ਆਦਤ ਜਾਂ ਖੁਰਾਕ ਨਾਲ ਜੋੜਨਾ ਵੀ ਵਿਗਿਆਨਕ ਤੌਰ 'ਤੇ ਠੀਕ ਨਹੀਂ।

ਸਿਹਤ ਮਾਹਿਰਾਂ ਵੱਲੋਂ ਆਮ ਤੌਰ 'ਤੇ ਸੰਤੁਲਿਤ ਖੁਰਾਕ, ਨਿਯਮਤ ਸਰੀਰਕ ਸਰਗਰਮੀ, ਵਜ਼ਨ ਦਾ ਸੰਤੁਲਨ, ਤੰਬਾਕੂ ਤੋਂ ਦੂਰੀ, ਲੋੜ ਅਨ



ਸਿੱਖਿਆ ਦੇ ਨਾਲ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੀ ਸੰਭਾਲ ਵੀ ਮਹੱਤਵਪੂਰਨ: ਕਾਲਕਾ



ਨਵੀਂ ਦਿੱਲੀ, 21 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਮਾਤਾ ਸੁੰਦਰੀ ਕਾਲਜ ਫਾਰ ਵੂਮੈਨ, ਦਿੱਲੀ ਯੂਨੀਵਰਸਿਟੀ ਵਿਖੇ ਅੱਜ ਕਾਲਜ ਦੇ ਅਧਿਆਪਕਾਂ ਅਤੇ ਗੈਰ-ਅਧਿਆਪਨ ਅਮਲੇ ਨਾਲ ਕਰਵਾਏ ਗਏ ਵਿਸ਼ੇਸ਼ ਵਿਚਾਰ-ਵਟਾਂਦਰਾ ਪ੍ਰੋਗਰਾਮ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਦਾ ਪ੍ਰਮੁੱਖ ਉਦੇਸ਼ ਕਾਲਜ ਦੇ ਵੱਖ-ਵੱਖ ਵਿਭਾਗਾਂ ਅਤੇ ਇਕਾਈਆਂ ਵਿਚਕਾਰ ਆਪਸੀ ਤਾਲਮੇਲ, ਸਹਿਯੋਗ ਅਤੇ ਸਾਂਝ ਨੂੰ ਹੋਰ ਮਜ਼ਬੂਤ ਕਰਦਿਆਂ ਸੰਸਥਾ ਦੇ ਭਵਿੱਖੀ ਵਿਕਾਸ ਲਈ ਸਾਰਥਕ ਵਿਚਾਰਾਂ ਦੀ ਸਾਂਝ ਕਰਨਾ ਸੀ।

ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਪ੍ਰੋ. ਹਰਪ੍ਰੀਤ ਕੌਰ ਨੇ ਕਾਲਜ਼ ਦੀਆਂ ਅਕਾਦਮਿਕ, ਸੱਭਿਆਚਾਰਕ ਅਤੇ ਸਹਿ-ਵਿੱਦਿਅਕ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਕਾਲਜ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਹਾਸਲ ਕੀਤੀਆਂ ਪ੍ਰਾਪਤੀਆਂ ਅਤੇ ਵਿਦਿਆਰਥਣਾਂ ਦੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵੀ ਚਾਨਣਾ ਪਾਇਆ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਵੱਖ-ਵੱਖ ਵਿਭਾਗਾਂ ਦੇ ਮੁੱਖੀਆਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਦੇ ਕੰਮਕਾਜ, ਪ੍ਰਾਪਤੀਆਂ, ਚੁਣੌਤੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸਰਦਾਰ ਕਾਲਕਾ ਨੇ ਕਿਹਾ ਕਿ ਕਿਸੇ ਵੀ ਸਿੱਖਿਆ ਸੰਸਥਾ ਦੀ ਤਰੱਕੀ ਕੇਵਲ ਬੁਨਿਆਦੀ ਢਾਂਚੇ ਜਾਂ ਅਕਾਦਮਿਕ ਨਤੀਜਿਆਂ ਤੱਕ ਸੀਮਤ ਨਹੀਂ ਹੁੰਦੀ, ਸਗੋਂ ਇਸ ਲਈ ਅਧਿਆਪਕਾਂ, ਵਿਦਿਆਰਥੀਆਂ ਅਤੇ ਪ੍ਰਬੰਧਕੀ ਅਮਲੇ ਵਿਚਕਾਰ ਬਿਹਤਰ ਤਾਲਮੇਲ, ਸਮੂਹਿਕ ਜ਼ਿੰਮੇਵਾਰੀ ਅਤੇ ਸਾਂਝੀ ਦੂਰਦਰਸ਼ੀ ਸੋਚ ਵੀ ਲਾਜ਼ਮੀ ਹੈ।

ਉਨ੍ਹਾਂ ਕਿਹਾ ਕਿ ਅਜੋਕੇ ਮੁਕਾਬਲੇਬਾਜ਼ੀ ਦੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸੀਅਤ, ਸਿਰਜਣਾਤਮਕਤਾ ਅਤੇ ਸਮਾਜਿਕ ਚੇਤਨਾ ਦਾ ਵਿਕਾਸ ਕਰਨਾ ਵੀ ਬੇਹੱਦ ਜ਼ਰੂਰੀ ਹੈ। ਇਸ ਦੇ ਨਾਲ ਹੀ ਨੌਜਵਾਨ ਪੀੜ੍ਹੀ ਨੂੰ ਆਪਣੀ ਮਾਂ-ਬੋਲੀ, ਵਿਰਾਸਤ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨਾਲ ਜੋੜੀ ਰੱਖਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ।

ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੇ ਮਹੱਤਵ ਬਾਰੇ ਗੱਲ ਕਰਦਿਆਂ ਸਰਦਾਰ ਕਾਲਕਾ ਨੇ ਕਿਹਾ ਕਿ ਪੰਜਾਬੀ ਭਾਈਚਾਰੇ ਨੇ ਦੇਸ਼-ਵਿਦੇਸ਼ ਵਿੱਚ ਵੱਖ-ਵੱਖ ਖੇਤਰਾਂ ਅੰਦਰ ਆਪਣੀ ਮਿਹਨਤ, ਪ੍ਰਤਿਭਾ ਅਤੇ ਵਿਲੱਖਣ ਪਛਾਣ ਸਦਕਾ ਅਹਿਮ ਸਥਾਨ ਬਣਾਇਆ ਹੈ। ਇਸ ਵਿਰਾਸਤ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਾਹਿਤਕ, ਸੱਭਿਆਚਾਰਕ, ਭਾਸ਼ਾਈ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਵੱਧ ਤੋਂ ਵੱਧ ਮੌਕੇ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ, ਤਾਂ ਜੋ ਉਹ ਆਪਣੇ ਹੁਨਰ ਨੂੰ ਨਿਖਾਰਨ ਦੇ ਨਾਲ-ਨਾਲ ਆਪਣੀਆਂ ਜੜ੍ਹਾਂ ਨਾਲ ਵੀ ਜੁੜੇ ਰਹਿਣ।

ਉਨ੍ਹਾਂ ਨੇ ਕਾਲਜ ਦੇ ਅਧਿਆਪਕਾਂ ਅਤੇ ਪ੍ਰਬੰਧਕੀ ਅਮਲੇ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਪਸੀ ਵਿਚਾਰ-ਵਟਾਂਦਰੇ ਅਤੇ ਸੁਝਾਵਾਂ ਰਾਹੀਂ ਸੰਸਥਾ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਲਈ ਸਾਂਝੀ ਰਣਨੀਤੀ ਤਿਆਰ ਕੀਤੀ ਜਾ ਸਕਦੀ ਹੈ। ਅਜਿਹੇ ਸੰਵਾਦ ਨਾ ਕੇਵਲ ਸੰਸਥਾ ਦੀ ਕਾਰਜਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਂਦੇ ਹਨ, ਸਗੋਂ ਭਵਿੱਖ ਦੀਆਂ ਲੋੜਾਂ ਅਨੁਸਾਰ ਨਵੇਂ ਮੌਕਿਆਂ ਅਤੇ ਸੰਭਾਵਨਾਵਾਂ ਦੇ ਰਾਹ ਵੀ ਖੋਲ੍ਹਦੇ ਹਨ।

ਇਸ ਵਿਚਾਰ-ਵਟਾਂਦਰਾ ਪ੍ਰੋਗਰਾਮ ਦੌਰਾਨ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਅਤੇ ਗੈਰ-ਅਧਿਆਪਨ ਅਮਲੇ ਨੇ ਵੀ ਆਪਣੇ ਵਿਚਾਰ ਅਤੇ ਸੁਝਾਅ ਸਾਂਝੇ ਕੀਤੇ।

ਸ਼ਹਾਦਤ-ਏ-ਗੁਰੂ ਤੇਗ ਬਹਾਦਰ: ਦਿੱਲੀ ਵਿੱਚ ਹੋਣਗੇ ਵਿਸ਼ਾਲ ਸਮਾਗਮ: ਕਾਲਕਾ, ਕਾਹਲੋਂ

ਨਵੀਂ ਦਿੱਲੀ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਦੀ ਸ਼ਤਾਬਦੀ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਵਿਸ਼ੇਸ਼ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਇਥੇ ਇਕ ਵਿਸ਼ੇਸ਼ ਮੀਟਿੰਗ ਵਿੱਚ ਦਿੱਲੀ ਦੀਆਂ ਵੱਖ-ਵੱਖ ਸਿੰਘ ਸਭਾਵਾਂ ਦੇ ਪ੍ਰਬੰਧਕਾਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਪ੍ਰੋਗਰਾਮਾਂ ਦੀ ਰੂਪ-ਰੇਖਾ ਅਤੇ ਸੰਗਤਾਂ ਦੀ ਸ਼ਮੂਲੀਅਤ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ



ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਮਨੁੱਖੀ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਮਾਨਵਤਾ ਦੀ ਰੱਖਿਆ ਲਈ ਦਿੱਤੀ ਗਈ ਅਦੁੱਤੀ ਕੁਰਬਾਨੀ ਹੈ। ਉਨਾਂ ਕਿਹਾ ਕਿ ਇਸ ਮਹਾਨ ਇਤਿਹਾਸਕ ਵਿਰਾਸਤ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵੇਂ ਆਗੂਆਂ ਨੇ ਕਿਹਾ ਕਿ ਜਦੋਂ ਤੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਨੇ ਸੇਵਾ ਸੰਭਾਲੀ ਹੈ, ਉਦੋਂ ਤੋਂ ਹੀ ਦਿੱਲੀ ਦੀਆਂ ਵੱਖ-ਵੱਖ ਸਿੰਘ ਸਭਾਵਾਂ ਨੂੰ ਨਾਲ ਲੈ ਕੇ ਚੱਲਣ ਅਤੇ ਉਨ੍ਹਾਂ ਦੇ ਸੁਝਾਵਾਂ ਅਨੁਸਾਰ ਧਾਰਮਿਕ ਤੇ ਪੰਥਕ ਸਮਾਗਮਾਂ ਦੀ ਰੂਪ-ਰੇਖਾ ਉਲੀਕਣ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਿੰਘ ਸਭਾਵਾਂ ਦੇ ਪ੍ਰਬੰਧਕਾਂ ਅਤੇ ਸੰਗਤਾਂ ਦਾ ਉਤਸ਼ਾਹ ਤੇ ਸਹਿਯੋਗ ਅਜਿਹੇ ਸਮਾਗਮਾਂ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।

ਉਨ੍ਹਾਂ ਦੱਸਿਆ ਕਿ 29 ਨਵੰਬਰ ਨੂੰ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਤਿਲਕ ਜੰਞੂ ਰੱਖਿਆ ਯਾਤਰਾ ਗੁਰੂ ਕਾ ਤਾਲ, ਆਗਰਾ ਤੋਂ ਆਰੰਭ ਹੋਵੇਗੀ। ਇਹ ਯਾਤਰਾ ਨਗਰ ਕੀਰਤਨ ਦੇ ਰੂਪ ਵਿੱਚ ਦਿੱਲੀ ਵੱਲ ਰਵਾਨਾ ਹੋਵੇਗੀ, ਜਿਸ ਵਿੱਚ ਦਲ ਪੰਥ ਦੀਆਂ ਜਥੇਬੰਦੀਆਂ, ਇਸਤਰੀ ਸਤਿਸੰਗ ਸਭਾਵਾਂ ਅਤੇ ਵੱਖ-ਵੱਖ ਧਾਰਮਿਕ ਸੰਸਥਾਵਾਂ ਸ਼ਮੂਲੀਅਤ ਕਰਨਗੀਆਂ। ਉਨਾਂ ਦਸਿਆ ਕਿ ਗੁਰੂ ਕਾ ਤਾਲ ਤੇ ਸੋਵਾਦਾਰ ਬਾਬਾ ਪ੍ਰੀਤਮ ਸਿੰਘ ਜੀ ਵੱਲੋਂ ਵੀ ਇਸ ਉਪਰਾਲੇ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ।

ਇਹ ਨਗਰ ਕੀਰਤਨ ਵੱਖ-ਵੱਖ ਪੜਾਵਾਂ ਰਾਹੀਂ ਲਗਾਤਾਰ ਸੱਤ ਦਿਨਾਂ ਤੱਕ ਦਿੱਲੀ ਦੇ ਵੱਖ-ਵੱਖ ਇਲਾਕਿਆਂ ਵਿੱਚ ਸਜੇਗਾ। ਉਨਾਂ ਇਸ ਦੌਰਾਨ ਸਿੰਘ ਸਭਾਵਾਂ ਨੂੰ ਆਪਣੇ-ਆਪਣੇ ਇਲਾਕਿਆਂ ਵਿੱਚ ਸੰਗਤਾਂ ਦੀ ਸ਼ਮੂਲੀਅਤ ਅਤੇ ਸਵਾਗਤ ਲਈ ਵਿਸ਼ੇਸ਼ ਪ੍ਰਬੰਧ ਕਰਨ ਦੀ ਅਪੀਲ ਕੀਤੀ ਗਈ।

ਉਨ੍ਹਾਂ ਦੱਸਿਆ ਕਿ 27 ਨਵੰਬਰ ਨੂੰ ਸ਼ਾਮ 7:30 ਵਜੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਵਿਸ਼ਾਲ ਕਵੀ ਦਰਬਾਰ ਕਰਵਾਇਆ ਜਾਵੇਗਾ। ਇਹ ਸਮਾਗਮ ਸਿੱਖ ਇਤਿਹਾਸ ਦੀ ਉਸ ਮਹਾਨ ਸਾਹਿਤਕ ਅਤੇ ਕਾਵਿਕ ਪਰੰਪਰਾ ਨੂੰ ਸਮਰਪਿਤ ਹੋਵੇਗਾ, ਜਿਸ ਅਧੀਨ ਗੁਰੂ ਸਾਹਿਬਾਨ ਦੇ ਦਰਬਾਰਾਂ ਵਿੱਚ ਵਿਦਵਾਨਾਂ ਅਤੇ ਕਵੀਆਂ ਵੱਲੋਂ ਆਪਣੀਆਂ ਰਚਨਾਵਾਂ ਰਾਹੀਂ ਗੁਰੂ ਜਸ ਕੀਤਾ ਜਾਂਦਾ ਸੀ।

ਨਵਜੰਮੇ ਬੱਚਿਆਂ ਦੀ ਜ਼ਿੰਦਗੀ ਦੇ ਪਹਿਲੇ 28 ਦਿਨਾਂ ਦੌਰਾਨ ਵਿਸ਼ੇਸ਼ ਦੇਖਭਾਲ ਬੇਹੱਦ ਜ਼ਰੂਰੀ : ਡਾ. ਸੁਨੈਨਾ ਗੁਪਤਾ



ਸ੍ਰੀ ਆਨੰਦਪੁਰ ਸਾਹਿਬ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਿਹਤ ਵਿਭਾਗ ਪੰਜਾਬ ਵੱਲੋਂ ਡਾ. ਵਿਵੇਕ ਕਟਾਰੀਆ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾ.ਹਰਿੰਦਰ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਭਾਈ ਜੈਤਾ ਜੀ ਸਿਵਲ ਹਸਪਤਾਲ ਦੀ ਅਗਵਾਈ ਹੇਠ ਰਾਸ਼ਟਰੀ ਨਵਜੰਮੇ ਬੱਚਿਆਂ ਦਾ ਹਫ਼ਤਾ ਮਨਾਇਆ ਗਿਆ। ਇਸ ਮੌਕੇ ਸਿਹਤ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਨਵਜੰਮੇ ਬੱਚਿਆਂ ਦੀ ਸਿਹਤ ਸੰਭਾਲ ਅਤੇ ਮਾਵਾਂ ਨੂੰ ਬੱਚਿਆਂ ਦੀ ਸਹੀ ਦੇਖਭਾਲ ਸਬੰਧੀ ਜਾਗਰੂਕ ਕੀਤਾ ਗਿਆ।

ਇਸ ਮੌਕੇ ਡਾ.ਸੁਨੈਨਾ ਗੁਪਤਾ ਗਾਇਨੀਕੋਲੋਜਿਸਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਹਫ਼ਤੇ ਨੂੰ ਮਨਾਉਣ ਦਾ ਮੁੱਖ ਮਕਸਦ ਬੱਚੇ ਦੇ ਜਨਮ ਤੋਂ ਬਾਅਦ ਪਹਿਲੇ 28 ਦਿਨਾਂ ਦੌਰਾਨ ਉਸ ਦੀ ਵਿਸ਼ੇਸ਼ ਦੇਖਭਾਲ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਹੈ।

ਉਨ੍ਹਾਂ ਕਿਹਾ ਕਿ ਨਵਜੰਮੇ ਬੱਚੇ ਨੂੰ ਜਨਮ ਤੋਂ ਇੱਕ ਘੰਟੇ ਦੇ ਅੰਦਰ ਮਾਂ ਦਾ ਦੁੱਧ ਪਿਲਾਉਣਾ ਚਾਹੀਦਾ ਹੈ ਅਤੇ ਪਹਿਲੇ ਛੇ ਮਹੀਨਿਆਂ ਤੱਕ ਬੱਚੇ ਨੂੰ ਸਿਰਫ਼ ਮਾਂ ਦਾ ਦੁੱਧ ਹੀ ਦੇਣਾ ਚਾਹੀਦਾ ਹੈ। ਇਸ ਨਾਲ ਬੱਚੇ ਦੀ ਰੋਗਾਂ ਨਾਲ ਲੜਨ ਦੀ ਸਮਰੱਥਾ ਵਧਦੀ ਹੈ ਅਤੇ ਉਸ ਦਾ ਸਰੀਰਕ ਵਿਕਾਸ ਵੀ ਬਿਹਤਰ ਹੁੰਦਾ ਹੈ।

ਉਨ੍ਹਾਂ ਘੱਟ ਵਜ਼ਨ ਵਾਲੇ ਅਤੇ ਸਮੇਂ ਤੋਂ ਪਹਿਲਾਂ ਪੈਦਾ ਹੋਣ ਵਾਲੇ ਬੱਚਿਆਂ ਲਈ ਸਕਿਨ ਟੂ ਸਕਿਨ ਤਕਨੀਕ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬੱਚੇ ਨੂੰ ਛੂਹਣ ਤੋਂ ਪਹਿਲਾਂ ਹੱਥਾਂ ਨੂੰ ਚੰਗੀ ਤਰ੍ਹਾਂ ਧੋਣਾ ਚਾਹੀਦਾ ਹੈ, ਬੱਚੇ ਦੀ ਨਾੜੂ ਨੂੰ ਸਾਫ਼ ਅਤੇ ਸੁੱਕਾ ਰੱਖਣਾ ਚਾਹੀਦਾ ਹੈ ਅਤੇ ਜਨਮ ਤੋਂ ਪਹਿਲੇ 24 ਘੰਟਿਆਂ ਤੱਕ ਬੱਚੇ ਨੂੰ ਨਹੀਂ ਨਹਾਉਣਾ ਚਾਹੀਦਾ। ਇਸ ਤੋਂ ਇਲਾਵਾ ਜਨਮ ਸਮੇਂ ਲੱਗਣ ਵਾਲੇ ਜ਼ਰੂਰੀ ਟੀਕਿਆਂ ਅਤੇ ਬੱਚੇ ਦੀ ਸਮੇਂ-ਸਮੇਂ ਸਿਰ ਡਾਕਟਰੀ ਜਾਂਚ ਕਰਵਾਉਣ ਦੀ ਮਹੱਤਤਾ ਬਾਰੇ ਵੀ ਦੱਸਿਆ ਗਿਆ। ਸਿਹਤ ਮਾਹਿਰਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਨਵਜੰਮੇ ਬੱਚਿਆਂ ਦੀ ਸਿਹਤ ਪ੍ਰਤੀ ਵਿਸ਼ੇਸ਼ ਸਾਵਧਾਨੀ ਵਰਤਣ ਅਤੇ ਕਿਸੇ ਵੀ ਸਿਹਤ ਸਮੱਸਿਆ ਦੀ ਸੂਰਤ ਵਿੱਚ ਤੁਰੰਤ ਡਾਕਟਰੀ ਸਲਾਹ ਲੈਣ।

ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋ ਕਾਂਗਰਸੀ ਆਗੂ ਪ੍ਰਗਟ ਸਿੰਘ ਦੇ ਘਰ ਪਹੁੰਚੇ



ਜਲੰਧਰ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਰਾਧਾ ਸੁਆਮੀ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਨੇ ਜਲੰਧਰ ਪਹੁੰਚ ਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਦੇ ਘਰ ਪਹੁੰਚ ਕੇ ਉਹਨਾਂ ਨਾਲ ਮੁਲਾਕਾਤ ਕੀਤੀ ਹੈ। ਜਲੰਧਰ ਦੀ ਇਸ ਫੇਰੀ ਮੌਕੇ ਉਨ੍ਹਾਂ ਵੱਲੋਂ ਸਾਬਕਾ ਮੈਂਬਰ ਪਾਰਲੀਮੈਂਟ ਸੁਸ਼ੀਲ ਰਿੰਕੂ ਦੇ ਘਰ ਜਾ ਕੇ ਉਹਨਾਂ ਨਾਲ ਮੁਲਾਕਾਤ ਕੀਤੀ ਹੈ। ਇਸ ਮੌਕੇ ਕਮਿਸ਼ਨਰੇਟ ਪੁਲੀਸ ਜਲੰਧਰ ਵੱਲੋਂ ਸੁਰੱਖਿਆ ਦੇ ਸਖਤ ਇੰਤਜ਼ਾਮ ਕੀਤੇ ਹੋਏ ਹਨ। ਜ਼ਿਕਰਯੋਗ ਹੈ ਕਿ ਡੇਰਾ ਮੁਖੀ ਦੀ ਜਲੰਧਰ ਫੇਰੀ ਦੀ ਉਨ੍ਹਾਂ ਦੇ ਪੈਰੋਕਾਰਾਂ ਨੂੰ ਭਿਣਕ ਪੈਣ 'ਤੇ ਭਾਰੀ ਗਿਣਤੀ ਵਿੱਚ ਇਕੱਠੇ ਹੁਣ ਸ਼ੁਰੂ ਹੋ ਗਏ ਸਨ। ਬਾਬਾ ਗੁਰਿੰਦਰ ਸਿੰਘ ਵੱਲੋਂ ਜਲੰਧਰ ਵਿੱਚ ਕਾਂਗਰਸ ਪ੍ਰਧਾਨ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਦੇ ਘਰ ਇਸ ਫੇਰੀ ਨੇ ਸਿਆਸੀ ਹਲਕਿਆਂ ਵਿੱਚ ਹਲਚਲ ਲਿਆ ਦਿੱਤੀ ਹੈ। ਹਾਲਾਂਕਿ ਹਾਲੇ ਤੱਕ ਮੁਲਾਕਾਤ ਦੇ ਵੇਰਵਿਆਂ ਬਾਰੇ ਪਤਾ ਨਹੀਂ ਲੱਗ ਸਕਿਆ ਹੈ, ਪਰ ਸਿਆਸ ਆਗੂ ਇਸ ਫੇਰੀ ਨੇ ਨੇੜਿਓ ਨਜ਼ਰ ਰੱਖ ਰਹੇ ਹਨ।

ਬਖ਼ਸ਼ੀ ਦੀ ਪੰਜਾਬੀ ਅਕਾਦਮੀ ਦੇ ਉਪ ਚੇਅਰਮੈਨ ਵਜੋਂ ਨਿਯੁਕਤੀ 'ਤੇ ਕਾਲਕਾ ਤੇ ਕਾਹਲੋਂ ਵੱਲੋਂ ਸ਼ੁਭਕਾਮਨਾਵਾਂ



ਨਵੀਂ ਦਿੱਲੀ, 21 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸਰਦਾਰ ਇੰਦਰਪ੍ਰੀਤ ਸਿੰਘ ਬਖ਼ਸ਼ੀ ਨੂੰ ਦਿੱਲੀ ਪੰਜਾਬੀ ਅਕਾਦਮੀ ਦਾ ਉਪ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਤਹਿ ਦਿਲੋਂ ਵਧਾਈ ਦਿੱਤੀ ਹੈ।

ਇੱਕ ਸਾਂਝੇ ਬਿਆਨ ਰਾਹੀਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵਾਂ ਆਗੂਆਂ ਨੇ ਕਿਹਾ ਹੈ ਕਿ ਇੰਦਰਪ੍ਰੀਤ ਸਿੰਘ ਬਖ਼ਸ਼ੀ ਨੂੰ ਇਸ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪੰਜਾਬੀ ਭਾਸ਼ਾ, ਸਾਹਿਤ, ਸੱਭਿਆਚਾਰ ਅਤੇ ਵਿਰਾਸਤ ਦੀ ਸੰਭਾਲ, ਪ੍ਰਫੁੱਲਤਾ ਤੇ ਪ੍ਰਚਾਰ-ਪ੍ਰਸਾਰ ਲਈ ਪੂਰੀ ਤਨਦੇਹੀ ਨਾਲ ਯੋਗਦਾਨ ਪਾਉਣਗੇ ਅਤੇ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਸਫ਼ਲਤਾਪੂਰਵਕ ਨਿਭਾਉਂਦਿਆਂ ਪੰਜਾਬੀ ਮ

ਸੈਂਸਸ ਓਪਰੇਸ਼ਨ ਪੰਜਾਬ-ਚੰਡੀਗੜ੍ਹ ਦੇ ਸਹਾਇਕ ਡਾਇਰੈਕਟਰ ਵਿਨੋਦ ਕੁਮਾਰ ਯਾਦਵ ਵੱਲੋਂ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਵਿਖੇ ਮੀਟਿੰਗ

ਪਟਿਆਲਾ, 21 ਨਵੰਬਰ
-ਛਤਰਪਾਲ ਸਿੰਘ-

ਸੈਂਸਜ ਓਪਰੇਸ਼ਨ ਪੰਜਾਬ, ਚੰਡੀਗੜ੍ਹ ਦੇ ਸਹਾਇਕ ਡਾਇਰੈਕਟਰ ਸ੍ਰੀ ਵਿਨੋਦ ਕੁਮਾਰ ਯਾਦਵ ਵੱਲੋਂ ਅੱਜ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ , ਪਟਿਆਲਾ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਚੱਲ ਰਹੀ 'ਮਰਦਮਸ਼ੁਮਾਰੀ 2027' ਦੇ ਦੂਜੇ ਪੜਾਅ (Phase B) ਆਬਾਦੀ ਗਣਨਾ ਦੀਆਂ ਪ੍ਰਕਿਰਿਆਵਾਂ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਸਵੈ-ਗਣਨਾ (Self-Enumeration) ਲਈ ਪ੍ਰੇਰਿਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।



ਇਸ ਉੱਚ-ਪੱਧਰੀ ਮੀਟਿੰਗ ਵਿੱਚ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ (RGNUL) ਦੇ ਵਾਈਸ-ਚਾਂਸਲਰ ਪ੍ਰੋ.ਫ਼ੈਸਰ (ਡਾ.) ਜੈ ਸ਼ੰਕਰ ਸਿੰਘ, ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਇਵਨੀਤ ਕੌਰ ਵਾਲੀਆ, ਉਪ ਅਰਥ ਅਤੇ ਅੰਕੜਾ ਸਲਾਹਕਾਰ-ਕਮ-ਵਧੀਕ ਜ਼ਿਲ੍ਹਾ ਸੈਂਸਜ ਅਫ਼ਸਰ, ਪਟਿਆਲਾ ਸ਼੍ਰੀਮਤੀ ਜਸਵਿੰਦਰ ਕੌਰ, ਐਸਿਸਟੈਂਟ ਯੂਨੀਵਰਸਿਟੀ ਇੰਜੀਨੀਅਰ (ਇਲੈਕਟ੍ਰੀਕਲ) ਇੰਜੀਨੀਅਰ ਹਰਸ਼ਵੀਰ ਸਿੰਗਲਾ, ਜ਼ਿਲ੍ਹਾ ਕੋਆਡੀਨੇਟਰ ਸ੍ਰੀ ਅਮਨ ਕੁਮਾਰ ਬਲਿਹਾਰ ਅਤੇ ਜ਼ਿਲ੍ਹਾ ਸੈਂਸਜ ਮਾਸਟਰ ਟ੍ਰੇਨਰ ਸ੍ਰੀ ਨਿਸ਼ ਸ਼ਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਮੀਟਿੰਗ ਦੌਰਾਨ ਸਹਾਇਕ ਡਾਇਰੈਕਟਰ ਸ੍ਰੀ ਵਿਨੋਦ ਕੁਮਾਰ ਯਾਦਵ ਅਤੇ ਵਧੀਕ ਜ਼ਿਲ੍ਹਾ ਸੈਂਸਜ ਅਫ਼ਸਰ ਸ਼੍ਰੀਮਤੀ ਜਸਵਿੰਦਰ ਕੌਰ ਨੇ ਮਰਦਮਸ਼ੁਮਾਰੀ 2027 ਦੇ ਦੂਜੇ ਪੜਾਅ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨਿਕ ਅਤੇ ਤਕਨੀਕੀ ਪੱਖਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਡਿਜੀਟਲ ਮਰਦਮਸ਼ੁਮਾਰੀ ਤਹਿਤ ਵੱਧ ਤੋਂ ਵੱਧ ਨਾਗਰਿਕਾਂ, ਖਾਸ ਕਰਕੇ ਨੌਜਵਾਨਾਂ ਅਤੇ ਪੜ੍ਹੇ-ਲਿਖੇ ਵਰਗ ਨੂੰ ਸਵੈ-ਗਣਨਾ (Self-Enumeration) ਪੋਰਟਲ ਰਾਹੀਂ ਆਪਣੀ ਜਾਣਕਾਰੀ ਖੁਦ ਦਰਜ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਘਰ-ਘਰ ਪਹੁੰਚਾਉਣ ਵਿੱਚ ਵਿਦਿਅਕ ਸੰਸਥਾਵਾਂ ਅਤੇ ਵਿਦਿਆਰਥੀਆਂ ਦੀ ਭੂਮਿਕਾ ਬੇਹੱਦ ਅਹਿਮ ਹੈ।

ਵਾਈਸ-ਚਾਂਸਲਰ ਪ੍ਰੋ.ਫ਼ੈਸਰ (ਡਾ.) ਜੈ ਸ਼ੰਕਰ ਸਿੰਘ ਅਤੇ ਰਜਿਸਟਰਾਰ ਡਾ. ਇਵਨੀਤ ਕੌਰ ਵਾਲੀਆ ਨੇ ਭਰੋਸਾ ਦਿਵਾਇਆ ਕਿ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਸੈਂਸਸ ਓਪਰੇਸ਼ਨ ਦੀ ਟੀਮ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਸਵੈ-ਗਣਨਾ ਕਰਨ ਅਤੇ ਆਮ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ ਤਾਂ ਜੋ ਮਰਦਮਸ਼ੁਮਾਰੀ ਦੇ ਇਸ ਕਾਰਜ ਨੂੰ ਨਿਰਵਿਘਨ, ਤੇਜ਼ ਅਤੇ ਸਹੀ ਤਰੀਕੇ ਨਾਲ ਮੁਕੰਮਲ ਕੀਤਾ ਜਾ ਸਕੇ। ਇਸ ਮੌਕੇ ਇੰਜੀਨੀਅਰ ਹਰਸ਼ਵੀਰ ਸਿੰਗਲਾ, ਜ਼ਿਲ੍ਹਾ ਕੋਆਰਡੀਨੇਟਰ ਸ੍ਰੀ ਅਮਨ ਕੁਮਾਰ ਬਲਿਹਾਰ ਅਤੇ ਜ਼ਿਲ੍ਹਾ ਸੈਂਸਜ ਮਾਸਟਰ ਟ੍ਰੇਨਰ ਸ੍ਰੀ ਨਿਸ਼ ਸ਼ਰਮਾ ਨੇ ਵੀ ਮੀਟਿੰਗ ਦੌਰਾਨ ਤਕਨੀਕੀ, ਸਿਖਲਾਈ ਅਤੇ ਜ਼ਮੀਨੀ ਪੱਧਰ ਦੇ ਪ੍ਰਬੰਧਾਂ 'ਤੇ ਆਪਣੇ ਵਿਚਾਰ ਪੇਸ਼ ਕੀਤੇ।

ਸਬ-ਜੂਨੀਅਰ ਨੈਸ਼ਨਲ ਵੁਸ਼ੂ ਚੈਂਪੀਅਨਸ਼ਿਪ ਲਈ ਜੈਸਮੀਨ ਕੌਰ ਦੀ ਚੋਣ, ਟੈਗੋਰ ਇੰਟਰਨੈਸ਼ਨਲ ਸਕੂਲ ਵਿੱਚ ਖੁਸ਼ੀ ਦੀ ਲਹਿਰ

ਦੇਵੀਗੜ੍ਹ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਕਬਰਪੁਰ ਅਫ਼ਗਾਨਾ, ਦੇਵੀਗੜ੍ਹ, ਪਟਿਆਲਾ:ਟੈਗੋਰ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਲਈ ਇਹ ਬੜੇ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਕੂਲ ਦੀ ਹੋਣਹਾਰ ਵਿਦਿਆਰਥਣ ਜੈਸਮੀਨ ਕੌਰ, ਜਮਾਤ ਨੌਵੀਂ ਨੇ ਵੁਸ਼ੂ ਖੇਡ ਵਿੱਚ ਆਪਣੀ ਪ੍ਰਤਿਭਾ ਅਤੇ ਮਿਹਨਤ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਬ-ਜੂਨੀਅਰ ਨੈਸ਼ਨਲ ਵੁਸ਼ੂ ਚੈਂਪੀਅਨਸ਼ਿਪ ਲਈ ਆਪਣੀ ਜਗ੍ਹਾ ਬਣਾਈ ਹੈ।

14 ਨਵੰਬਰ 2026 ਨੂੰ ਪੀ.ਏ.ਪੀ. ਸਪੋਰਟਸ ਕੰਪਲੈਕਸ, ਜਲੰਧਰ ਵਿਖੇ ਆਯੋਜਿਤ ਸਬ-ਜੂਨੀਅਰ ਵੁਸ਼ੂ ਨੈਸ਼ਨਲ ਟ੍ਰਾਇਲਜ਼ ਵਿੱਚ ਜੈਸਮੀਨ ਕੌਰ ਨੇ ਆਪਣੀ ਖੇਡ ਕਲਾ, ਆਤਮ-ਵਿਸ਼ਵਾਸ ਅਤੇ ਸ਼ਾਨਦਾਰ ਪ੍ਰਦਰਸ਼ਨ ਨਾਲ ਆਪਣੀ ਯੋਗਤਾ ਸਾਬਤ ਕੀਤੀ।

ਇਸ ਉਪਲਬਧੀ ਦੇ ਆਧਾਰ 'ਤੇ ਉਹ 18 ਦਸੰਬਰ ਤੋਂ 24 ਦਸੰਬਰ 2026 ਤੱਕ ਭੁਵਨੇਸ਼ਵਰ, ਓਡੀਸ਼ਾ ਵਿਖੇ ਹੋਣ ਵਾਲੀ ਸਬ-ਜੂਨੀਅਰ ਨੈਸ਼ਨਲ ਵੁਸ਼ੂ ਚੈਂਪੀਅਨਸ਼ਿਪ ਵਿੱਚ ਭਾਗ ਲਵੇਗੀ।



ਇਸ ਮੌਕੇ ਸਕੂਲ ਦੇ ਮਾਣਯੋਗ ਮੈਨੇਜਿੰਗ ਡਾਇਰੈਕਟਰ ਸ਼੍ਰੀ ਗੌਰਵ ਗੁਲਾਟੀ, ਪ੍ਰੈਜ਼ੀਡੈਂਟ ਸ਼੍ਰੀਮਤੀ ਸਲੋਨੀ ਗੁਲਾਟੀ ਅਤੇ ਮੈਨੇਜਰ ਡਾ. ਸੁਸ਼ੀਲ ਮਿਸ਼ਰਾ ਨੇ ਜੈਸਮੀਨ ਕੌਰ ਅਤੇ ਉਸ ਦੇ ਮਾਪਿਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।

ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਹਿੰਮਤ, ਸਬਰ ਅਤੇ ਆਤਮ-ਵਿਸ਼ਵਾਸ ਵਰਗੇ ਗੁਣ ਪੈਦਾ ਕਰਦੀਆਂ ਹਨ। ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਉਤਸ਼ਾਹਿਤ ਕਰਦਾ ਰਹੇਗਾ।

ਸਕੂਲ ਦੀ ਪ੍ਰਿੰਸੀਪਲ ਡਾ. ਮੀਨਾਕਸ਼ੀ ਸੂਦ ਨੇ ਜੈਸਮੀਨ ਦੀ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਫ਼ਲਤਾ ਉਸ ਦੀ ਲਗਨ, ਸਖ਼ਤ ਮਿਹਨਤ ਅਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ।

ਉਨ੍ਹਾਂ ਨੇ ਰਾਸ਼ਟਰੀ ਪੱਧਰ ਦੇ ਮੁਕਾਬਲੇ ਲਈ ਉਸ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਮੀਦ ਪ੍ਰਗਟਾਈ ਕਿ ਉਹ ਆਉਣ ਵਾਲੀ ਚੈਂਪੀਅਨਸ਼ਿਪ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਪੰਜਾਬ ਦਾ ਨਾਮ ਰੌਸ਼ਨ ਕਰੇਗੀ।

ਇਸ ਸਫ਼ਲਤਾ ਵਿੱਚ ਵੁਸ਼ੂ ਕੋਚ ਸ਼੍ਰੀ ਸ਼ੁਭਮ ਦਾ ਵੀ ਅਹਿਮ ਯੋਗਦਾਨ ਰਿਹਾ, ਜਿਨ੍ਹਾਂ ਦੀ ਯੋਗ ਅਗਵਾਈ, ਮਾਰਗਦਰਸ਼ਨ ਅਤੇ ਲਗਾਤਾਰ ਮਿਹਨਤ ਸਦਕਾ ਜੈਸਮਿਨ ਨੇ ਇਸ ਮੁਕਾਮ ਤੱਕ ਪਹੁੰਚਣ ਵਿੱਚ ਸਫ਼ਲਤਾ ਹਾਸਲ ਕੀਤੀ।

ਸਮੁੱਚੇ ਟੈਗੋਰ ਪਰਿਵਾਰ ਵੱਲੋਂ ਜੈਸਮੀਨ ਕੌਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਗਈ ਅਤੇ ਆਉਣ ਵਾਲੀ ਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਉਸ ਦੀ ਜਿੱਤ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ।

ਜੰਗਲਾਤ ਕਾਮਿਆਂ ਦੀ ਵਣ ਮੰਡਲ ਅਫਸਰ ਨਾਲ ਹੋਈ ਮੀਟਿੰਗ ਵਿੱਚ ਕਈ ਮੰਗਾਂ ਦੇ ਫੈਸਲੇ ਲਏ



ਪਟਿਆਲਾ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ (1680) ਜਿਲਾ ਕਮੇਟੀ ਜੰਗਲਾਤ ਦੀ ਮੀਟਿੰਗ ਵਣ ਮੰਡਲ ਅਫਸਰ ਪਟਿਆਲਾ ਸ੍. ਸਤਿੰਦਰ ਸਿੰਘ ਉਨ੍ਹਾਂ ਦੇ ਦਫਤਰ ਵਿਖੇ ਹੋਈ। ਮੀਟਿੰਗ ਵਿੱਚ ਵਣ ਬਲਾਕ ਅਫਸਰ ਨਾਭਾ ਸਵਰਨ ਸਿੰਘ, ਵਣ ਰੇਂਜ ਅਫਸਰ ਭਾਦਸੋਂ ਸ੍ਰੀ ਮਨਦੀਪ ਸਿੰਘ, ਵਣ ਰੇਂਜ ਅਫਸਰ ਸਰਹਿੰਦ ਅਨੰਤਜੋਤ ਕੌਰ, ਵਣ ਰੇਂਜ ਅਫਸਰ ਸ੍ਰੀ ਗੁਰਿੰਦਰ ਸਿੰਘ, ਵਣ ਰੇਂਜ ਅਫਸਰ ਰਾਜਪੁਰਾ ਰਾਜਵਿੰਦਰ ਸਿੰਘ, ਦਫਤਰ ਸੁਪਰਡੈਂਟ ਕ੍ਰਿਸ਼ਨ ਕੁਮਾਰ ਸ਼ਾਮਿਲ ਹੋਏ। ਯੂਨੀਅਨ ਵਲੋਂ ਦਰਸ਼ਨ ਸਿੰਘ ਲੁਬਾਣਾ, ਤਰਲੋਚਨ ਗਿਰ ਮਾਤੂ, ਤਰਲੋਚਨ ਮੰਡੋਲੀ, ਹਰਜਿੰਦਰ ਸਿੰਘ ਅਮਲੋਹ, ਜੱਗਾ ਸਿੰਘ ਬੋਸਰ, ਕਰਮਾ ਨਾਭਾ, ਸੋਮ ਦੱਤ ਸਨ।

ਮੀਟਿੰਗ ਵਿੱਚ ਵਰਕਰਾਂ ਸੀਨੀਅਰਤਾਂ ਸੂਚੀਆਂ ਦਰੁਸਤ ਕਰਨ, ਰਹਿੰਦੀਆਂ ਤਨਖਾਹਾਂ ਜਾਰੀ ਕਰਨ, ਏਰੀਅਰ ਜਾਰੀ ਕਰਨ, ਕੰਮਾਂ ਤੋਂ ਫਾਰਗ ਕੀਤੇ ਕਾਮਿਆਂ ਨੂੰ ਹਾਜਰ ਕਰਨ, ਸਾਰੇ ਕਰਮਚਾਰੀਆਂ ਨੂੰ ਮੌਸਮੀ ਵਰਦੀਆਂ ਜਾਰੀ ਕਰਨ, ਜੋ ਕਰਮਚਾਰੀ 60 ਸਾਲ ਤੋਂ ਉਪਰ ਉਮਰ ਹੋਣ ਤੇ ਫਾਰਗ ਕੀਤੇ ਗਏ ਉਨ੍ਹਾਂ ਦੀਆਂ ਤਨਖਾਹਾਂ ਦਾ ਬਕਾਇਆ ਜਾਰੀ ਕਰਨ, ਇਸ ਤਰ੍ਹਾਂ ਰੈਗੂਲਰ ਹੋਣ ਤੇ ਕਰਮੀਆਂ ਦੀਆਂ ਤਨਖਾਹਾਂ ਘਟਾਉਣ, ਉਮਰ ਘਟਾਉਣ ਵਰਗੀਆਂ ਇੱਕ ਦਰਜਨ ਮੰਗਾਂ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਸਾਰੀਆਂ ਮੰਗਾਂ ਨੂੰ ਲਾਗੂ ਕਰਨ ਲਈ ਮੀਟਿੰਗ ਵਿੱਚ ਅਧਿਕਾਰੀਆਂ ਨੇ ਸਹਿਮਤੀ ਪ੍ਰਗਟ ਕੀਤੀ ਅਤੇ ਇਨ੍ਹਾਂ ਸਮਾਂਬੱਧ ਲਾਗੂ ਕਰਨ ਦਾ ਭਰੋਸਾ ਦਿੱਤਾ ਗਿਆ।

ਇਸ ਤਰ੍ਹਾਂ ਮੀਟਿੰਗ ਸਦਭਾਵਨਾ ਮਾਹੌਲ ਵਿੱਚ ਸਮਾਪਤ ਹੋਈ।

ਬਹਿਰਾ ਕਾਲਜ ਆਫ਼ ਲਾਅ, ਪਟਿਆਲਾ ਵਿਖੇ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਫਰੈਸ਼ਰ ਪਾਰਟੀ ਦਾ ਆਯੋਜਨ

ਪਟਿਆਲਾ, 21 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਬਹਿਰਾ ਕਾਲਜ ਆਫ਼ ਲਾਅ, ਪਟਿਆਲਾ ਵਿਖੇ ਬੀ.ਏ. ਐਲ.ਐਲ.ਬੀ. ਅਤੇ ਐਲ.ਐਲ.ਬੀ. ਪਹਿਲੇ ਸਾਲ ਦੇ ਵਿਦਿਆਰਥੀਆਂ ਦੇ ਸਵਾਗਤ ਲਈ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਨਵੇਂ ਵਿਦਿਆਰਥੀਆਂ ਦਾ ਉਤਸ਼ਾਹਪੂਰਵਕ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਕਾਲਜ ਦੀਆਂ ਗਤੀਵਿਧੀਆਂ ਨਾਲ ਜਾਣੂ ਕਰਵਾਇਆ ਗਿਆ।



ਇਸ ਮੌਕੇ ਕੈਂਪਸ ਡਾਇਰੈਕਟਰ ਡਾ. ਸੰਜੀਵ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਾਨੂੰਨੀ ਖੇਤਰ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਿਹਨਤ, ਸਮਰਪਣ ਅਤੇ ਇਮਾਨਦਾਰੀ ਨਾਲ ਆਪਣੇ ਟੀਚਿਆਂ ਦੀ ਪ੍ਰਾਪਤੀ ਲਈ ਯਤਨਸ਼ੀਲ ਰਹਿਣ ਦਾ ਸੰਦੇਸ਼ ਦਿੱਤਾ।

ਸਮਾਗਮ ਦੌਰਾਨ ਪਹਿਲੇ ਸਾਲ ਦੇ ਵਿਦਿਆਰਥੀਆਂ ਵਿੱਚੋਂ ਮਿਸਟਰ ਫਰੈਸ਼ਰ, ਮਿਸ ਫਰੈਸ਼ਰ ਅਤੇ ਬੈਸਟ ਅਟਾਇਰ ਦੇ ਖ਼ਿਤਾਬ ਵੀ ਪ੍ਰਦਾਨ ਕੀਤੇ ਗਏ। ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ ਅਤੇ ਪ੍ਰੋਗਰਾਮ ਨੂੰ ਯਾਦਗਾਰੀ ਬਣਾਇਆ।

ਅੰਤ ਵਿੱਚ ਕਾਲਜ ਦੀ ਵਾਈਸ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਸਮਾਗਮ ਨੂੰ ਸਫਲ ਬਣਾਉਣ ਵਾਲੇ ਵਿਦਿਆਰਥੀਆਂ ਅਤੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਇਸ ਤਰ੍ਹਾਂ ਇਹ ਸਮਾਗਮ ਖੁਸ਼ੀ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਸਫਲਤਾਪੂਰਵਕ ਸੰਪੰਨ ਹੋਇਆ।

ਬਲਾਕ ਪੱਧਰੀ ਵਿੱਦਿਅਕ ਮੁਕਾਬਲੇ ਦਾ ਸਫਲ ਆਯੋਜਨ; ਵਿਦਿਆਰਥੀਆਂ ਨੇ ਉਤਸ਼ਾਹ ਨਾਲ ਲਿਆ ਹਿੱਸਾ



ਪਟਿਆਲਾ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਿੱਖਿਆ ਵਿਭਾਗ ਪਟਿਆਲਾ ਦੇ ਬਲਾਕ ਪਟਿਆਲਾ-2 ਵੱਲੋਂ ਬਲਾਕ ਪੱਧਰੀ ਵਿੱਦਿਅਕ ਮੁਕਾਬਲੇ ਬੀਪੀਈਓ ਪ੍ਰਿਥੀ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ। ਇਹਨਾਂ ਵੱਖ-ਵੱਖ ਮੁਕਾਬਲਿਆਂ ਵਿੱਚ ਬਲਾਕ ਅਧੀਨ ਪੈਂਦੇ 60 ਦੇ ਕਰੀਬ ਸਕੂਲਾਂ ਦੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸੰਬੋਧਨ ਕਰਦਿਆਂ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਵਿੱਦਿਅਕ ਮੁਕਾਬਲਿਆਂ ਦੇ ਆਯੋਜਨ ਨਾਲ ਵਿਦਿਆਰਥੀਆਂ ਅੰਦਰ ਆਤਮ ਵਿਸ਼ਵਾਸ ਪੈਦਾ ਹੁੰਦਾ ਹੈ। ਉਹਨਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦੀ ਵਿਸ਼ੇਸ਼ ਮਹੱਤਤਾ ਹੈ। ਉਹਨਾਂ ਕਿਹਾ ਕਿ ਜੇਕਰ ਬੱਚਾ ਪ੍ਰਾਇਮਰੀ ਲੈਵਲ 'ਤੇ ਹੀ ਇਹੋ ਜਿਹੀਆਂ ਗਤੀਵਿਧੀਆਂ ਵਿੱਚ ਭਾਗ ਲੈਂਦਾ ਹੈ ਤਾਂ ਉਸ ਦਾ ਹੌਸਲਾ ਵੱਧਦਾ ਹੈ।

ਵੱਖ-ਵੱਖ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਬਾਲ ਗੀਤ ਮੁਕਾਬਲੇ ਵਿੱਚ ਵਿਕਟੋਰੀਆ ਸੈਂਟਰ ਅਤੇ ਮਲਟੀਪਰਪਜ਼ ਸੈਂਟਰ ਨੇ ਪਹਿਲਾ ਸਥਾਨ, ਭਾਨਰਾ ਸੈਂਟਰ, ਮੈਣ ਸੈਂਟਰ ਅਤੇ ਘਾਸ ਮੰਡੀ ਸੈਂਟਰ ਨੇ ਦੂਜਾ ਸਥਾਨ ਹਾਸਿਲ ਕੀਤਾ। ਬੈਸਟ ਆਊਟ ਆਫ ਵੇਸਟ ਮੁਕਾਬਲੇ ਵਿੱਚ ਮਲਟੀਪਰਪਜ਼ ਸੈਂਟਰ ਨੇ ਪਹਿਲਾ ਸਥਾਨ ਹਾਸਿਲ ਕੀਤਾ। ਸੁੰਦਰ ਲਿਖਾਈ ਮੁਕਾਬਲੇ ਵਿੱਚ ਘਾਸ ਮੰਡੀ ਸੈਂਟਰ ਨੇ ਪਹਿਲਾ, ਵਿਕਟੋਰੀਆ ਸੈਂਟਰ ਅਤੇ ਮਲਟੀਪਰਪਜ਼ ਸੈਂਟਰ ਨੇ ਦੂਜਾ ਸਥਾਨ ਹਾਸਿਲ ਕੀਤਾ। ਪਹਾੜੇ ਉਚਾਰਨ ਮੁਕਾਬਲੇ ਵਿੱਚ ਮੈਣ ਸੈਂਟਰ ਨੇ ਪਹਿਲਾ, ਮਲਟੀਪਰਪਜ਼ ਸੈਂਟਰ ਨੇ ਦੂਜਾ ਅਤੇ ਘਾਸ ਮੰਡੀ ਸੈਂਟਰ ਨੇ ਤੀਜਾ ਸਥਾਨ ਹਾਸਿਲ ਕੀਤਾ। ਚਿੱਤਰ ਕਲਾ ਮੁਕਾਬਲੇ ਵਿੱਚ ਮਲਟੀਪਰਪਜ਼ ਸੈਂਟਰ ਨੇ ਪਹਿਲਾ ਸਥਾਨ, ਭਾਨਰਾ ਸੈਂਟਰ ਨੇ ਦੂਜਾ ਸਥਾਨ ਅਤੇ ਵਿਕਟੋਰੀਆ ਸੈਂਟਰ ਨੇ ਤੀਜਾ ਸਥਾਨ ਹਾਸਿਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਮਲਟੀਪਰਪਜ਼ ਸੈਂਟਰ ਨੇ ਪਹਿਲਾ ਸਥਾਨ, ਸੈਂਟਰ ਮੈਣ ਨੇ ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਕਵਿਤਾ ਉਚਾਰਨ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਲੋਕ ਗੀਤ ਮੁਕਾਬਲੇ ਵਿੱਚ ਖੇੜੀ ਗੁੱਜਰਾਂ ਸੈਂਟਰ ਨੇ ਪਹਿਲਾ, ਵਿਕਟੋਰੀਆ ਸੈਂਟਰ ਨੇ ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ। ਕਹਾਣੀ ਸੁਣਾਉਣ ਮੁਕਾਬਲੇ ਵਿੱਚ ਵਿਕਟੋਰੀਆ ਸੈਂਟਰ ਨੇ ਪਹਿਲਾ, ਮਲਟੀਪਰਪਜ਼ ਸੈਂਟਰ ਨੇ ਦੂਜਾ ਅਤੇ ਖੇੜੀ ਗੁੱਜਰਾਂ ਸੈਂਟਰ

ਪੰਜਾਬ ਵੱਲੋਂ 2.11 ਲੱਖ ਟਨ ਮੱਛੀ ਉਤਪਾਦਨ ਨਾਲ ਮੱਛੀ ਪਾਲਣ ਖੇਤਰ ਵਿੱਚ ਸ਼ਾਨਦਾਰ ਵਿਕਾਸ ਦਰਜ: ਗੁਰਮੀਤ ਸਿੰਘ ਖੁੱਡੀਆਂ

➢ ਸੂਬੇ 'ਚ ਮੱਛੀ ਪਾਲਣ ਹੇਠ 45,156 ਏਕੜ ਰਕਬਾ; 16 ਸਰਕਾਰੀ ਮੱਛੀ ਫਾਰਮ ਪੈਦਾ ਕਰ ਰਹੇ ਹਨ ਸਾਲਾਨਾ 18 ਕਰੋੜ ਮੱਛੀ ਪੂੰਗ ➢ ਪੀ.ਐਮ.ਐਮ.ਐਸ. ਯੋਜਨਾ ਅਧੀਨ 867 ਲਾਭਪਾਤਰੀਆਂ ਨੂੰ 39.28 ਕਰੋੜ ਰੁਪਏ ਤੋਂ ਵੱਧ ਦੀ ਸਬਸਿਡੀ ਜਾਰੀ; 1033.51 ਹੈਕਟੇਅਰ ਰਕਬਾ ਝੀਂਗਾ ਪਾਲਣ ਹੇਠ ਲਿਆਂਦਾ

ਚੰਡੀਗੜ੍ਹ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ 'ਵਿਸ਼ਵ ਮੱਛੀ ਪਾਲਣ ਦਿਵਸ', ਜੋ ਹਰ ਸਾਲ 21 ਨਵੰਬਰ ਨੂੰ ਮਨਾਇਆ ਜਾਂਦਾ ਹੈ, ਦੀ ਪੂਰਵ ਸੰਧਿਆ 'ਤੇ ਕਿਸਾਨਾਂ, ਮੱਛੀ ਪਾਲਕਾਂ ਅਤੇ ਇਸ ਖੇਤਰ ਨਾਲ ਜੁੜੇ ਸਾਰੇ ਭਾਈਵਾਲਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਮੱਛੀ ਪਾਲਣ ਸਿਰਫ਼ ਰੋਜ਼ੀ-ਰੋਟੀ ਦਾ ਸਾਧਨ ਨਹੀਂ, ਸਗੋਂ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ, ਖੁਰਾਕ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਜਲ ਸਰੋਤਾਂ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਵਧੀਆ ਤੇ ਲਾਹੇਵੰਦ ਜ਼ਰੀਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮੱਛੀ ਪਾਲਣ ਨੂੰ ਪ੍ਰਫੁੱਲਿਤ ਅਤੇ ਆਰਥਿਕ ਤੌਰ 'ਤੇ ਲਾਹੇਵੰਦ ਕਿੱਤਾ ਬਣਾਉਣ ਲਈ ਆਧੁਨਿਕ ਅਤੇ ਵਿਗਿਆਨਕ ਤਰੀਕਿਆਂ ਨੂੰ ਅਪਣਾਉਣ।

ਮੱਛੀ ਪਾਲਣ ਵਿਭਾਗ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਖੇਤੀਬਾੜੀ ਅਤੇ ਸਬੰਧਤ ਗਤੀਵਿਧੀਆਂ ਦੇ ਨਾਲ-ਨਾਲ ਮੱਛੀ ਪਾਲਣ ਖੇਤਰ ਨੂੰ ਮਜ਼ਬੂਤ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੱਛੀ ਪਾਲਣ ਨੂੰ ਆਧੁਨਿਕ ਬਣਾਉਣ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਕਿਸਾਨਾਂ ਨੂੰ ਕਿਫਾਇਤੀ ਦਰਾਂ 'ਤੇ ਉੱਨਤ ਤਕਨੀਕਾਂ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਮੱਛੀ ਅਤੇ ਝੀਂਗਾ ਪਾਲਣ ਨੂੰ ਲਾਹੇਵੰਦ ਕਾਰੋਬਾਰ ਵਿੱਚ ਬਦਲਣਾ ਹੈ ਤਾਂ ਜੋ ਕਿਸਾਨਾਂ ਲਈ ਰੋਜ਼ੀ-ਰੋਟੀ ਦੇ ਬਿਹਤਰ ਤੇ ਟਿਕਾਊ ਮੌਕੇ ਪੈਦਾ ਕੀਤੇ ਜਾ ਸਕਣ।

ਵਿਭਾਗ ਵੱਲੋਂ ਕੀਤੀ ਗਈ ਤਰੱਕੀ ਬਾਰੇ ਜਾਣਕਾਰੀ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਵਿੱਚ ਲਗਭਗ 45,156 ਏਕੜ ਰਕਬੇ ਵਿੱਚ ਮੱਛੀ ਪਾਲਣ ਦਾ ਕੰਮ ਕੀਤਾ ਜਾ ਰਿਹਾ ਹੈ ਅਤੇ ਸਾਲਾਨਾ ਮੱਛੀ ਉਤਪਾਦਨ 2.11 ਲੱਖ ਟਨ ਤੱਕ ਪਹੁੰਚ ਗਿਆ ਹੈ। ਇਹ ਪ੍ਰਾਪਤੀ ਕਿਸਾਨਾਂ ਵਿੱਚ ਮੱਛੀ ਪਾਲਣ ਪ੍ਰਤੀ ਵੱਧ ਰਹੀ ਦਿਲਚਸਪੀ ਅਤੇ ਵਿਗਿਆਨਕ ਤਰੀਕਿਆਂ ਨੂੰ ਉਤਸ਼ਾਹਿਤ ਕਰਨ ਲਈ ਵਿਭਾਗ ਵੱਲੋਂ ਕੀਤੇ ਜਾ ਰਹੇ ਨਿਰੰਤਰ ਯਤਨਾਂ ਦਾ ਸਪੱਸ਼ਟ ਨਤੀਜਾ ਹੈ। ਉਨ੍ਹਾਂ ਕਿਹਾ ਕਿ ਉਤਪਾਦਕਤਾ ਅਤੇ ਮੁਨਾਫੇ ਨੂੰ ਹੋਰ ਵਧਾਉਣ ਲਈ ਕਿਸਾਨਾਂ ਨੂੰ ਸਿਖਲਾਈ, ਤਕਨੀਕੀ ਸੇਧ ਅਤੇ ਆਧੁਨਿਕ ਤਕਨੀਕਾਂ ਤੱਕ ਪਹੁੰਚ ਮੁਹੱਈਆ ਕਰਵਾਈ ਜਾ ਰਹੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਖੇਤੀ ਵਿਭਿੰਨਤਾ ਦੇ ਲਿਹਾਜ਼ ਤੋਂ ਪੰਜਾਬ ਵਿੱਚ ਖਾਸ ਤੌਰ 'ਤੇ ਖਾਰੇ ਪਾਣੀ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਝੀਂਗਾ ਪਾਲਣ ਇੱਕ ਆਸਵੰਦ ਕਿਤੇ ਵਜੋਂ ਉੱਭਰਿਆ ਹੈ। ਕਿਸਾਨਾਂ ਨੂੰ ਇਸ ਲਾਹੇਵੰਦ ਕਿੱਤੇ ਨੂੰ ਅਪਣਾਉਣ ਵਿੱਚ ਸਹਾਇਤਾ ਕਰਨ ਲਈ ਵਿਭਾਗ ਨੇ 1,033.51 ਹੈਕਟੇਅਰ ਰਕਬੇ ਨੂੰ ਝੀਂਗਾ ਪਾਲਣ ਅਧੀਨ ਲਿਆਂਦਾ ਹੈ। ਇਹ ਪਹਿਲਕਦਮੀ ਨਾ ਸਿਰਫ਼ ਕਿਸਾਨਾਂ ਲਈ ਆਮਦਨ ਦੇ ਨਵੇਂ ਮੌਕੇ ਪੈਦਾ ਕਰ ਰਹੀ ਹੈ, ਸਗੋਂ ਖੇਤੀਬਾੜੀ ਲਈ ਚੁਣੌਤੀਪੂਰਨ ਜ਼ਮੀਨ ਦੀ ਵੀ ਲਾਹੇਵੰਦ ਵਰਤੋਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਵਿਭਾਗ ਦੇ ਬੁਨਿਆਦੀ ਢਾਂਚੇ ਅਤੇ ਪੂੰਗ ਉਤਪਾਦਨ ਸਮਰੱਥਾਵਾਂ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਰਾਜ ਭਰ ਵਿੱਚ 16 ਸਰਕਾਰੀ ਮੱਛੀ ਫਾਰਮ ਕਾਰਜਸ਼ੀਲ ਹਨ, ਜੋ ਸਾਲਾਨਾ ਲਗਭਗ 18 ਕਰੋੜ ਮੱਛੀ



ਪੂੰਗ ਪੈਦਾ ਕਰ ਰਹੇ ਹਨ। ਇਹ ਕੇਂਦਰ ਮੱਛੀ ਪਾਲਕਾਂ ਦੀਆਂ ਪੂੰਗ ਸਬੰਧੀ ਲੋੜਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਸੂਬੇ ਦੇ ਮੱਛੀ ਪਾਲਣ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਭਾਗ ਮੱਛੀ ਦੇ ਮਿਆਰੀ ਬੀਜਾਂ ਦੀ ਸਮੇਂ ਸਿਰ ਉਪਲਬਧਤਾ ਯਕੀਨੀ ਬਣਾਉਣ ਅਤੇ ਮੌਜੂਦਾ ਮੱਛੀ ਫਾਰਮਾਂ ਦੀ ਉਤਪਾਦਕਤਾ ਵਿੱਚ ਸੁਧਾਰ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਕੇਂਦਰ ਸਰਕਾਰ ਦੀ 'ਪ੍ਰਧਾਨ ਮੰਤਰੀ ਮਤਸਯ ਸੰਪਦਾ ਯੋਜਨਾ' (ਪੀ.ਐਮ.ਐਮ.ਐਸ.ਵਾਈ) ਕਿਸਾਨਾਂ ਅਤੇ ਉੱਦਮੀਆਂ ਨੂੰ ਮੱਛੀ ਪਾਲਣ ਦੀਆਂ ਆਧੁਨਿਕ ਤਕਨੀਕਾਂ ਅਪਣਾਉਣ ਅਤੇ ਆਪਣੇ ਕੰਮ-ਕਾਜ ਦਾ ਵਿਸਥਾਰ ਕਰਨ ਲਈ ਉਤਸ਼ਾਹਿਤ ਕਰਨ ਵਿੱਚ ਬਹੁਤ ਮਦਦਗਾਰ ਸਾਬਤ ਹੋ ਰਹੀ ਹੈ। ਇਸ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ 40 ਫ਼ੀਸਦੀ ਸਬਸਿਡੀ ਦਿੱਤੀ ਜਾ ਰਹੀ ਹੈ, ਜਦੋਂ ਕਿ ਔਰਤਾਂ ਅਤੇ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਲਈ 60 ਫ਼ੀਸਦੀ ਤੱਕ ਸਬਸਿਡੀ ਦਾ ਪ੍ਰਬੰਧ ਹੈ। ਇਸ ਯੋਜਨਾ ਤਹਿਤ ਹੁਣ ਤੱਕ ਪੰਜਾਬ ਭਰ ਵਿੱਚ 867 ਲਾਭਪਾਤਰੀਆਂ ਨੂੰ 39.28 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ 'ਪੰਜਾਬ ਸਟੇਟ ਫਿਸ਼ਰੀਜ਼ ਡਿਵੈਲਪਮੈਂਟ ਬੋਰਡ' ਕਿਸਾਨਾਂ ਅਤੇ ਉੱਦਮੀਆਂ ਨੂੰ ਮੱਛੀ ਪਾਲਣ ਦੀਆਂ ਨਵੀਆਂ ਤਕਨੀਕਾਂ ਅਪਣਾਉਣ ਅਤੇ ਝੀਂਗਾ ਪਾਲਣ ਦੇ ਕੰਮਾਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਤਕਨੀਕੀ ਸਹਾਇਤਾ ਵੀ ਪ੍ਰਦਾਨ ਕਰ ਰਿਹਾ ਹੈ। ਇਸ ਪਹਿਲਕਦਮੀ ਦਾ ਉਦੇਸ਼ ਨਵੇਂ ਉੱਦਮੀਆਂ ਨੂੰ ਮੱਛੀ ਪਾਲਣ ਖੇਤਰ ਵਿੱਚ ਲਿਆਉਣਾ ਅਤੇ ਕਿਸਾਨਾਂ ਨੂੰ ਮੱਛੀ ਅਤੇ ਝੀਂਗਾ ਪਾਲਣ ਵਰਗੇ ਲਾਹੇਵੰਦ ਕਿੱਤਿਆਂ ਰਾਹੀਂ ਆਪਣੀਆਂ ਖੇਤੀ ਗਤੀਵਿਧੀਆਂ ਵਿੱਚ ਵਿਭਿੰਨਤਾ ਲਿਆਉਣਾ ਹੈ। ਵਿਭਾਗ ਵੱਲੋਂ ਕਿਸਾਨਾਂ ਨੂੰ ਆਧੁਨਿਕ ਤਰੀਕਿਆਂ ਅਤੇ ਟਿਕਾਊ ਉਤਪਾਦਨ ਤਕਨੀਕਾਂ ਤੋਂ ਜਾਣੂ ਕਰਵਾਉਣ ਲਈ ਜਾਗਰੂਕਤਾ ਕੈਂਪ, ਵਰਕਸ਼ਾਪਾਂ ਅਤੇ ਤਕਨੀਕੀ ਸਿਖਲਾਈ ਪ੍ਰੋਗਰਾਮ ਵੀ ਕਰਵਾਏ ਜਾ ਰਹੇ ਹਨ।

ਮੰਤਰੀ ਨੇ ਕਿਹਾ ਕਿ ਸਰਕਾਰ ਜਲ-ਜੀਵ ਵਿਭਿੰਨਤਾ ਦੀ ਸੰਭਾਲ ਅਤੇ ਵਾਤਾਵਰਣ ਦਾ ਸੰਤੁਲਨ ਬਣਾਈ ਰੱਖਣ ਲਈ ਵੀ ਪੂਰੀ ਤਰ੍ਹਾਂ ਚੇਤੰਨ ਅਤੇ ਵਚਨਬੱਧ ਹੈ।

'ਗੀਵਰ ਰੈਂਚਿੰਗ ਪ੍ਰੋਗਰਾਮ' ਤਹਿਤ ਜਲ-ਜੀਵ ਵਿਭਿੰਨਤਾ ਨੂੰ ਮਜ਼ਬੂਤ ਕਰਨ ਅਤੇ ਮੱਛੀ ਸਰੋਤਾਂ ਦੀ ਸੰਭਾਲ ਲਈ ਹਰ ਸਾਲ ਸਤਲੁਜ, ਰਾਵੀ ਅਤੇ ਬਿਆਸ ਦਰਿਆਵਾਂ ਵਿੱਚ ਮੱਛੀ ਦੇ ਬੀਜ ਛੱਡੇ ਜਾਂਦੇ ਸਨ। ਅਜਿਹੀਆਂ ਪਹਿਲਕਦਮੀਆਂ ਵਪਾਰਕ ਮੱਛੀ ਪਾਲਣ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਕੁਦਰਤੀ ਜਲ-ਵਾਤਾਵਰਣ ਪ੍ਰਣਾਲੀਆਂ ਦੀ ਸੁਰੱਖਿਆ ਵਿੱਚ ਵੀ ਵਡਮੁੱਲਾ ਯੋਗਦਾਨ ਪਾ ਰਹੀਆਂ ਹਨ।

ਵਿਸ਼ਵ ਮੱਛੀ ਪਾਲਣ ਦਿਵਸ-2026 ਮੌਕੇ ਵਧਾਈ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਸਾਨਾਂ, ਮੱਛੀ ਪਾਲਕਾਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਧੁਨਿਕ ਮੱਛੀ ਪਾਲਣ ਅਤੇ ਝੀਂਗਾ ਪਾਲਣ ਤਕਨੀਕਾਂ ਨੂੰ ਅਪਣਾ ਕੇ ਮੱਛੀ ਪਾਲਣ ਖੇਤਰ ਦੇ ਵਿਕਾਸ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਮੱਛੀ ਪਾਲਣ ਨੂੰ ਵਧੇਰੇ ਲਾਹੇਵੰਦ ਅਤੇ ਟਿਕਾਊ ਸਾਧਨ ਬਣਾਉਣ ਲਈ ਆਪਣੀਆਂ ਨੀਤੀਆਂ, ਵਿੱਤੀ ਸਹਾਇਤਾ ਅਤੇ ਤਕਨੀਕੀ ਸਹਿਯੋਗ ਰਾਹੀਂ ਹਰ ਸੰਭਵ ਮਦਦ ਦੇਣੀ ਜਾਰੀ ਰੱਖੇਗੀ।

ਇਸ ਮੌਕੇ ਕੈਬਨਿਟ ਮੰਤਰੀ ਨੇ ਸਾਰੀਆਂ ਸਬੰਧਤ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਮੱਛੀ ਪਾਲਣ ਨੂੰ ਪੰਜਾਬ ਦੀ ਪੇਂਡੂ ਆਰਥਿਕਤਾ ਦਾ ਮਜ਼ਬੂਤ ਧੁਰਾ ਬਣਾਉਣ ਲਈ ਇੱਕਜੁੱਟ ਹੋ ਕੇ ਕੰਮ ਕਰਨ ਅਤੇ ਨਾਲ ਹੀ ਆਉਣ ਵਾਲੀਆਂ ਪੀੜ੍ਹੀਆਂ ਲਈ ਜਲ ਸਰੋਤਾਂ ਦੇ ਪੁਖ਼ਤਾ ਪ੍ਰਬੰਧਨ ਨੂੰ ਯਕੀਨੀ ਬਣਾਉਣ। ਉਨ੍ਹਾਂ ਦੁਹਰਾਇਆ ਕਿ ਸੂਬਾ ਸਰਕਾਰ ਮੱਛੀ ਪਾਲਕਾਂ ਦੀ ਭਲਾਈ ਅਤੇ ਮੱਛੀ ਪਾਲਣ ਖੇਤਰ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਮੈਨੀਟੋਬਾ ਦੇ ਇਤਿਹਾਸਕ ਚਰਚ 'ਚੋਂ 120 ਸਾਲ ਪੁਰਾਣੀ ਘੰਟੀ ਚੋਰੀ



ਵਿਨੀਪੈਗ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੈਨੇਡਾ ਦੇ ਸੂਬੇ ਮੈਨੀਟੋਬਾ 'ਚ ਇਤਿਹਾਸਕ ਵਿਰਾਸਤ ਨਾਲ ਜੁੜੀ ਚੋਰੀ ਦੀ ਇੱਕ ਹੈਰਾਨੀਜਨਕ ਘਟਨਾ ਸਾਹਮਣੇ ਆਈ ਹੈ। ਵਿਨੀਪੈਗ ਤੋਂ ਲਗਭਗ 80 ਕਿਲੋਮੀਟਰ ਉੱਤਰ ਵਲ ਫ਼ਰੇਜ਼ਰਵੁੱਡ ਨੇੜੇ ਸਥਿਤ ਸੇਕਰਡ ਹਾਰਟ ਔਫ਼ ਜੀਜ਼ਸ ਯੂਕਰੇਨੀਅਨ ਕੈਥੋਲਿਕ ਚਰਚ 'ਚੋਂ ਕਰੀਬ 120 ਸਾਲ ਪੁਰਾਣੀ ਅਤੇ 300 ਪਾਊਂਡਜ਼ (ਲਗਭਗ 136 ਕਿਲੋਗ੍ਰਾਮ) ਵਜ਼ਨੀ ਪਿੱਤਲ ਦੀ ਘੰਟੀ ਚੋਰੀ ਹੋ ਗਈ ਹੈ। ਪੁਲੀਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਘੰਟੀ ਦੀ ਭਾਲ ਲਈ ਲੋਕਾਂ ਨੂੰ ਸਹਿਯੋਗ ਦੀ ਅਪੀਲ ਕੀਤੀ ਗਈ ਹੈ। ਰੌਇਲ ਕੈਨੇਡੀਅਨ ਮਾਊਂਟਿਡ ਪੁਲੀਸ (RCMP) ਮੁਤਾਬਿਕ, ਘੰਟੀ ਦੇ ਗ਼ਾਇਬ ਹੋਣ ਦੀ ਸੂਚਨਾ ਸ਼ਨੀਵਾਰ ਨੂੰ ਮਿਲੀ ਸੀ। ਜਾਂਚ ਦੌਰਾਨ ਪੁਲੀਸ ਨੂੰ ਚਰਚ ਦੇ ਲੱਕੜ ਦੇ ਬਣੇ ਘੰਟੀ-ਘਰ ਦੇ ਉੱਪਰਲੇ ਹਿੱਸੇ 'ਚ ਭੰਨ-ਤੋੜ ਦੇ ਨਿਸ਼ਾਨ ਮਿਲੇ ਹਨ। ਹਾਲਾਂਕਿ ਘੰਟੀ ਨੂੰ ਕਦੋਂ ਅਤੇ ਕਿਸ ਤਰੀਕੇ ਨਾਲ ਉੱਥੋਂ ਉਤਾਰਿਆ ਗਿਆ, ਇਸ ਬਾਰੇ ਹਾਲੇ ਕੋਈ ਜਾਣਕਾਰੀ ਸਾਹਮਣੇ ਨਹੀਂ ਆਈ। ਪੁਲੀਸ ਦੀ ਕਾਂਸਟੇਬਲ ਮੈਰੀ ਪਲੋਏਗ ਨੇ ਦੱਸਿਆ ਕਿ ਇਹ ਕੋਈ ਆਮ ਘੰਟੀ ਨਹੀਂ ਸਗੋਂ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਵਾਲੀ ਇੱਕ ਵਸਤੂ ਹੈ। ਇਸ ਉੱਤੇ ਰੋਜ਼ਰੀ (ਮਾਲਾ), ਕੰਡਿਆਂ ਦੇ ਤਾਜ ਨਾਲ ਘਿਰਿਆ ਪਵਿੱਤਰ ਦਿਲ, ਸਲੀਬ ਅਤੇ ਲੰਗਰ ਦੇ ਨਿਸ਼ਾਨ ਬੇਹੱਦ ਬਾਰੀਕੀ ਨਾਲ ਉੱਕਰੇ ਹੋਏ ਹਨ। ਪੁਲੀਸ ਨੂੰ ਖ਼ਦਸ਼ਾ ਹੈ ਕਿ ਚੋਰ ਇਸ ਨੂੰ ਪਿੱਤਲ ਦੀ ਧਾਤ ਵਜੋਂ ਕਬਾੜ 'ਚ ਵੇਚਣ ਦੀ ਕੋਸ਼ਿਸ਼ ਕਰ ਸਕਦੇ ਹਨ। ਇਸ ਲਈ ਗਿਮਲੀ, ਵਿਨੀਪੈਗ ਅਤੇ ਆਲੇ-ਦੁਆਲੇ ਦੇ ਇਲਾਕਿਆਂ 'ਚ ਕਬਾੜ ਦੇ ਵਪਾਰੀਆਂ ਅਤੇ ਰੀਸਾਈਕਲਿੰਗ ਕੇਂਦਰਾਂ ਨੂੰ ਚੌਕਸ ਕੀਤਾ ਗਿਆ ਹੈ।

ਵਿਨੀਪੈਗ ਦੇ ਸਹਾਇਕ ਬਿਸ਼ਪ ਰੈਵਰੈਂਡ ਐਂਡਰੀ ਰਾਬੀ ਨੇ ਇਸ ਘਟਨਾ 'ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਪੇਂਡੂ ਇਲਾਕਿਆਂ ਦੇ ਪੁਰਾਣੇ ਚਰਚਾਂ 'ਚੋਂ ਛੋਟੀਆਂ-ਮੋਟੀਆਂ ਚੀਜ਼ਾਂ ਚੋਰੀ ਹੋਣ ਦੀਆਂ ਘਟਨਾਵਾਂ ਤਾਂ ਵਾਪਰਦੀਆਂ ਰਹਿੰਦੀਆਂ ਹਨ, ਪਰ ਇੰਨੀ ਵੱਡੀ ਅਤੇ ਇਤਿਹਾਸਕ ਮਹੱਤਤਾ ਵਾਲੀ ਵਸਤੂ ਨੂੰ ਚੋਰੀ ਕਰਨਾ ਬੇਹੱਦ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਇਹ ਚਰਚ ਮੈਨੀਟੋਬਾ 'ਚ ਯੂਕਰੇਨੀਅਨ ਭਾਈਚਾਰੇ ਦੇ ਮੁੱਢਲੇ ਵਸੇਬੇ ਦੀ ਅਹਿਮ ਨਿਸ਼ਾਨੀ ਹੈ। ਭਾਵੇਂ ਹੁਣ ਇਲਾਕੇ ਦੀ ਆਬਾਦੀ ਘੱਟਣ ਕਾਰਨ ਚਰਚ ਦੀ ਵਰਤੋਂ ਖ਼ਾਸ ਮੌਕਿਆਂ ਅਤੇ ਸਾਲਾਨਾ ਸਮਾਗਮਾਂ ਮੌਕੇ ਹੀ ਹੁੰਦੀ ਹੈ, ਪਰ ਇਸ ਨਾਲ ਸਥਾਨਕ ਭਾਈਚਾਰੇ ਦੀਆਂ ਡੂੰਘੀਆਂ ਭਾਵਨਾਵਾਂ ਜੁੜੀਆਂ ਹੋਈਆਂ ਹਨ।

ਮੈਨੀਟੋਬਾ ਹਿਸਟੋਰੀਕਲ ਸੋਸਾਇਟੀ ਅਨੁਸਾਰ ਘੰਟੀ ਅਤੇ ਡੇਢ ਮੰਜ਼ਿਲਾ ਲੱਕੜ ਦਾ ਘੰਟੀ-ਘਰ 1906 'ਚ ਸਵਿਟਜ਼ਰਲੈਂਡ ਤੋਂ ਮੰਗਵਾਏ ਗਏ ਸਨ। ਸਾਲ 1940 'ਚ ਅੱਗ ਲੱਗਣ ਕਾਰਨ ਮੂਲ ਚਰਚ ਤਬਾਹ ਹੋ ਗਿਆ ਸੀ ਜਿਸ ਤੋਂ ਬਾਅਦ 1942 'ਚ ਮੌਜੂਦਾ ਇਮਾਰਤ ਦੀ ਉਸਾਰੀ ਕੀਤੀ ਗਈ।

ਘੰਟੀ ਵਾਪਿਸ ਲਿਆਉਣ 'ਚ ਮਦਦ ਕਰਨ ਵਾਲੇ ਵਿਅਕਤੀ ਲਈ 500 ਡਾਲਰ ਦੇ ਇਨਾਮ ਦਾ ਐਲਾਨ ਵੀ ਕੀਤਾ ਗਿਆ ਹੈ। ਪੁਲੀਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਨੂੰ ਇਸ ਘੰਟੀ ਬਾਰੇ ਕੋਈ ਜਾਣਕਾਰੀ ਮਿਲਦੀ ਹੈ ਜਾਂ ਇਹ ਕਿਤੇ ਦਿਖਾਈ ਦਿੰਦੀ ਹੈ ਤਾਂ ਤੁਰੰਤ RCMP ਨਾਲ ਸੰਪਰਕ ਕੀਤਾ ਜਾਵੇ।

ਨਾਬਾਲਗ ਲੜਕੀ ਨਾਲ ਵਿਆਹ ਕਰਨ ਵਾਲੇ ਪੁਰਸ਼ ਨੂੰ ਵੀ ਹੋ ਸਕਦੀ ਹੈ ਦੋ ਸਾਲ ਤੱਕ ਦੀ ਸਖ਼ਤ ਕੈਦ ਜਾਂ ਇੱਕ ਲੱਖ ਰੁਪਏ ਤੱਕ ਦਾ ਜੁਰਮਾਨਾ

ਚੰਡੀਗੜ੍ਹ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਵਿੱਚ ਬਾਲ ਵਿਆਹ ਦੀ ਸਮਾਜਿਕ ਕੁਰੀਤੀ ਨੂੰ ਜੜ੍ਹੋਂ ਖ਼ਤਮ ਕਰਨ ਦੇ ਉਦੇਸ਼ ਨਾਲ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ 'ਆਓ, ਮਿਲ ਕੇ ਬਣਾਈਏ ਬਾਲ ਵਿਆਹ ਮੁਕਤ ਭਾਰਤ - ਬਚਪਨ ਖਿੜਨ ਦਿਓ, ਸੁਪਨਿਆਂ ਨੂੰ ਉੱਡਣ ਦਿਓ' ਦੇ ਸੰਦੇਸ਼ ਨਾਲ ਵਿਆਪਕ ਜਨ-ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਬਾਲ ਵਿਆਹਾਂ ਦੀ ਰੋਕਥਾਮ ਲਈ ਹਰਿਆਣਾ ਸਰਕਾਰ ਵੱਲੋਂ ਬਾਲ ਵਿਆਹ ਮਨਾਹੀ ਐਕਟ, 2006 ਨੂੰ ਸਖ਼ਤੀ ਨਾਲ ਲਾਗੂ ਕੀਤਾ ਗਿਆ ਹੈ, ਜਿਸ ਤਹਿਤ ਜ਼ਿਲ੍ਹਾ ਪੱਧਰ 'ਤੇ ਸੁਰੱਖਿਆ ਅਤੇ ਬਾਲ ਵਿਆਹ ਮਨਾਹੀ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ। ਕਾਨੂੰਨ ਅਨੁਸਾਰ 18 ਸਾਲ ਤੋਂ ਘੱਟ ਉਮਰ ਦੀ ਲੜਕੀ ਅਤੇ 21 ਸਾਲ ਤੋਂ ਘੱਟ ਉਮਰ ਦੇ ਲੜਕੇ ਦਾ ਵਿਆਹ ਕਰਨਾ ਇੱਕ ਗੰਭੀ



ਹਰਿਆਣਾ ਖ਼ਬਰਨਾਮਾ



ਕਪਾਲ ਮੋਚਨ ਮੇਲਾ ਆਸਥਾ, ਸਦਭਾਵਨਾ ਅਤੇ ਸੱਭਿਆਚਾਰਕ ਏਕਤਾ ਦਾ ਪ੍ਰਤੀਕ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

➢ ਸੂਬਾ ਵਾਸੀਆਂ ਨੂੰ ਮਿਲੀ 187 ਕਰੋੜ ਰੁਪਏ ਦੇ ਪ੍ਰੋਜੈਕਟਾਂ ਦੀ ਸੌਗਾਤ ➢ ਕਪਾਲ ਮੋਚਨ, ਆਦਿ ਬਦਰੀ ਸਮੇਤ ਚਾਰ ਪ੍ਰਮੁੱਖ ਤੀਰਥਾਂ ਦੇ ਵਿਕਾਸ ਲਈ ਗਠਿਤ ਕੀਤਾ ਸ਼ਾਈਨ ਬੋਰਡ ➢ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਦੀ ਸਾਂਭ-ਸੰਭਾਲ ਦੇ ਨਾਲ ਵਿਕਾਸ ਨੂੰ ਵੀ ਪਹਿਲ : ਮੁੱਖ ਮੰਤਰੀ



ਚੰਡੀਗੜ੍ਹ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੀ ਧਰਤੀ 'ਤੇ ਆਸਥਾ, ਅਧਿਆਤਮਕਤਾ ਅਤੇ ਸੱਭਿਆਚਾਰਕ ਏਕਤਾ ਦੀ ਸਦੀਆਂ ਪੁਰਾਣੀ ਪਰੰਪਰਾ ਦਾ ਪ੍ਰਤੀਕ ਸ੍ਰੀ ਕਪਾਲ ਮੋਚਨ-ਆਦਿ ਬਦਰੀ ਮੇਲਾ ਸ਼ੁੱਕਰਵਾਰ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਸ਼ੁਰੂ ਹੋਇਆ। ਮੇਲੇ ਦੇ ਉਦਘਾਟਨ ਮੌਕੇ ਸ਼ਰਧਾਲੂਆਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਪਾਲ ਮੋਚਨ ਅਜਿਹਾ ਪਵਿੱਤਰ ਸਥਾਨ ਹੈ, ਜਿੱਥੇ ਵੱਖ-ਵੱਖ ਧਰਮਾਂ ਅਤੇ ਫਿਰਕਿਆਂ ਦੀ ਆਸਥਾ ਇੱਕੋ ਥਾਂ ਦਿਖਾਈ ਦਿੰਦੀ ਹੈ। ਇਸ ਮੌਕੇ ਕੇਂਦਰੀ ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਸ੍ਰੀ ਗਜੇਂਦਰ ਸਿੰਘ ਸ਼ੇਖਾਵਤ ਬਤੌਰ ਮੁੱਖ ਮਹਿਮਾਨ ਹਾਜ਼ਰ ਰਹੇ। ਕੇਂਦਰੀ ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਸ੍ਰੀ ਗਜੇਂਦਰ ਸਿੰਘ ਸ਼ੇਖਾਵਤ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਗੁਰੂ ਘਰ ਵਿਖੇ ਮੱਥਾ ਟੇਕਿਆ ਅਤੇ ਹਵਨ ਯੱਗ ਨਾਲ ਸ੍ਰੀ ਕਪਾਲ ਮੋਚਨ ਸ੍ਰੀ ਆਦਿ ਬਦਰੀ ਮੇਲੇ ਦੀ ਸ਼ੁਰੂਆਤ ਕੀਤੀ। ਇਸ ਉਪਰੰਤ ਉਨ੍ਹਾਂ ਨੇ ਕਪਾਲ ਮੋਚਨ, ਰਿਣ ਮੋਚਨ ਅਤੇ ਸੂਰਜਕੁੰਡ ਸਰੋਵਰਾਂ ਦਾ ਨਿਰੀਖਣ ਵੀ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਦੀ ਸਾਂਭ-ਸੰਭਾਲ ਦੇ ਨਾਲ-ਨਾਲ ਵਿਕਾਸ ਨੂੰ ਵੀ ਬਰਾਬਰ ਪਹਿਲ ਦੇ ਰਹੀ ਹੈ। ਇਸੇ ਕੜੀ ਤਹਿਤ ਅੱਜ ਮੁੱਖ ਮਹਿਮਾਨ ਵੱਲੋਂ ਸੂਬਾ ਵਾਸੀਆਂ ਨੂੰ ਵਿਕਾਸ ਕਾਰਜਾਂ ਦੀ ਸੌਗਾਤ ਦਿੰਦਿਆਂ 187 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ਗਿਆ। ਇਨ੍ਹਾਂ ਵਿੱਚ 16 ਨਵੀਆਂ ਅੰਮ੍ਰਿਤ ਫਾਰਮੇਸੀਆਂ ਸ਼ਾਮਲ ਹਨ, ਜਿੱਥੇ ਆਮ ਲੋਕਾਂ ਨੂੰ ਜੀਵਨ ਰੱਖਿਅਕ ਦਵਾਈਆਂ ਰਿਆਇਤੀ ਦਰਾਂ 'ਤੇ ਉਪਲਬਧ ਹੋਣਗੀਆਂ। ਇਸ ਤੋਂ ਇਲਾਵਾ 11 ਜਲ ਘਰਾਂ ਵਿੱਚ ਨਵੇਂ ਟੈਂਕਾਂ ਦੇ ਨਿਰਮਾਣ ਅਤੇ ਜਗਾਧਰੀ ਸ਼ਹਿਰ ਦੀ ਪੁਰਾਣੀ ਸੀਵਰੇਜ ਲਾਈਨ ਦੇ ਪੁਨਰਵਾਸ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਆਸਥਾ ਅਤੇ ਵਿਕਾਸ, ਦੋਵੇਂ ਨਾਲ-ਨਾਲ ਚੱਲਣ, ਇਹੀ ਸਰਕਾਰ ਦਾ ਸੰਕਲਪ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ੍ਰੀ ਕਪਾਲ ਮੋਚਨ-ਆਦਿ ਬਦਰੀ ਮੇਲਾ ਸਿਰਫ਼ ਧਾਰਮਿਕ ਸਮਾਗਮ ਨਹੀਂ, ਸਗੋਂ ਆਸਥਾ, ਸਦਭਾਵਨਾ, ਏਕਤਾ ਅਤੇ ਭਾਈਚਾਰੇ ਦਾ ਅਜਿਹਾ ਸੰਗਮ ਹੈ, ਜੋ ਭਾਰਤ ਦੀ ਸੱਭਿਆਚਾਰਕ ਵਿਰਾਸਤ ਦੀ ਅਸਲ ਪਛਾਣ ਕਰਵਾਉਂਦਾ ਹੈ। ਇਹੀ ਭਾਰਤ ਦੀ ਆਤਮਾ ਅਤੇ ਸਾਡੇ ਸਾਂਝੇ ਸੱਭਿਆਚਾਰ ਦੀ ਤਾਕਤ ਹੈ। ਮੁੱਖ ਮੰਤਰੀ ਸ਼ੁੱਕਰਵਾਰ ਨੂੰ ਬਿਲਾਸਪੁਰ ਵਿਖੇ ਸ੍ਰੀ ਕਪਾਲ ਮੋਚਨ-ਆਦਿ ਬਦਰੀ ਮੇਲੇ ਦੇ ਉਦਘਾਟਨ ਮੌਕੇ ਸੰਬੋਧਨ ਕਰ ਰਹੇ ਸਨ।

ਮੁੱਖ ਮੰਤਰੀ ਨੇ ਦੇਵ ਉਠਨੀ ਇਕਾਦਸ਼ੀ ਦੇ ਪਵਿੱਤਰ ਮੌਕੇ 'ਤੇ ਸੂਬਾ ਵਾਸੀਆਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਅੱਜ ਭਗਵਾਨ ਸ੍ਰੀ ਵਿਸ਼ਨੂੰ ਯੋਗ-ਨਿੰਦਰਾ ਤੋਂ ਜਾਗਦੇ ਹਨ ਅਤੇ ਸ਼ੁਭ ਕਾਰਜਾਂ ਦੀ ਸ਼ੁਰੂਆਤ ਹੁੰਦੀ ਹੈ। ਅਜਿਹੇ ਪਵਿੱਤਰ ਦਿਨ ਅਤੇ ਪਵਿੱਤਰ ਤੀਰਥ ਸਥਾਨ 'ਤੇ ਸ਼ਰਧਾਲੂਆਂ ਦੇ ਵਿਚਕਾਰ ਆਉਣਾ ਉਨ੍ਹਾਂ ਲਈ ਪਰਮ ਸੁਭਾਗ ਦੀ ਗੱਲ ਹੈ।

ਯੁੱਗਾਂ ਪੁਰਾਣੀ ਧਾਰਮਿਕ ਵਿਰਾਸਤ ਦਾ ਕੇਂਦਰ ਹੈ ਕਪਾਲ ਮੋਚਨ

ਮੁੱਖ ਮੰਤਰੀ ਨੇ ਕਪਾਲ ਮੋਚਨ ਤੀਰਥ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਕੰਦ ਮਹਾਂਪੁਰਾਣ ਅਨੁਸਾਰ ਇਹ ਤੀਰਥ ਪਵਿੱਤਰ ਸਰਸਵਤੀ ਅਤੇ ਯਮੁਨਾ ਦੇ ਵਿਚਕਾਰ ਸਥਿਤ ਦ੍ਰੈਤਵਨ ਵਿੱਚ ਹੈ। ਪ੍ਰਾਚੀਨ ਕਾਲ ਵਿੱਚ ਇਸ ਨੂੰ 'ਔਸ਼ਨਸ ਤੀਰਥ' ਕਿਹਾ ਜਾਂਦਾ ਸੀ। ਮਹਾਂਭਾਰਤ ਅਤੇ ਵਾਮਨ ਮਹਾਂਪੁਰਾਣ ਵਿੱਚ ਵੀ ਇਸ ਦਾ ਜ਼ਿਕਰ ਮਿਲਦਾ ਹੈ। ਮਾਨਤਾ ਹੈ ਕਿ ਭਗਵਾਨ ਬ੍ਰਹਮਾ ਜੀ ਨੇ ਇਸੇ ਦ੍ਰੈਤਵਨ ਵਿੱਚ ਯੱਗ ਕੀਤਾ ਸੀ, ਜਿਸ ਵਿੱਚ ਦੇਵੀ-ਦੇਵਤਿਆਂ ਅਤੇ ਰਿਸ਼ੀਆਂ-ਮੁਨੀਆਂ ਨੇ ਹਿੱਸਾ ਲਿਆ ਸੀ।

ਗੁਰੂ ਗੋਬਿੰਦ ਸਿੰਘ ਜੀ ਦੇ 52 ਦਿਨਾਂ ਦੇ ਪ੍ਰਵਾਸ ਦਾ ਗਵਾਹ ਹੈ ਇਹ ਤੀਰਥ

ਮੁੱਖ ਮੰਤਰੀ ਨੇ ਕਿਹਾ ਕਿ ਕਪਾਲ ਮੋਚਨ ਦੀ ਧਰਤੀ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚਰਨਾਂ ਨਾਲ ਵੀ ਪਵਿੱਤਰ ਹੋਈ ਹੈ। ਭੰਗਾਣੀ ਦੇ ਯੁੱਧ ਤੋਂ ਪਹਿਲਾਂ ਗੁਰੂ ਸਾਹਿਬ ਨੇ ਇੱਥੇ 52 ਦਿਨ ਨਿਵਾਸ ਕੀਤਾ ਸੀ। ਉਨ੍ਹਾਂ ਨੇ ਕਪਾਲ ਮੋਚਨ ਅਤੇ ਰਿਣ ਮੋਚਨ ਸਰੋਵਰਾਂ ਵਿੱਚ ਇਸ਼ਨਾਨ ਕੀਤਾ ਅਤੇ ਆਪਣੇ ਅਸਤਰ-ਸ਼ਸਤਰ ਧੋਤੇ। ਦੋਵਾਂ ਸਰੋਵਰਾਂ ਦੇ ਵਿਚਕਾਰ ਸਥਿਤ ਪ੍ਰਾਚੀਨ ਅਸ਼ਟਭੁਜੀ ਗੁਰਦੁਆਰਾ ਸਾਹਿਬ ਅੱਜ ਵੀ ਇਸ ਇਤਿਹਾਸਕ ਵਿਰਾਸਤ ਦਾ ਗਵਾਹ ਹੈ। ਗੁਰੂ ਸਾਹਿਬ ਨੇ ਇੱਥੋਂ ਦੇ ਮਹੰਤ ਨੂੰ ਹੱਥ-ਲਿਖਤ ਪੱਟਾ ਅਤੇ ਤਾਮਰਪੱਤਰ ਵੀ ਪ੍ਰਦਾਨ ਕੀਤਾ ਸੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਵਰਦਾਨ ਅਤੇ ਪਰੰਪਰਾ ਅਨੁਸਾਰ ਅੱਜ ਵੀ ਕੱਤਕ ਦੀ ਪੂਰਨਮਾਸ਼ੀ 'ਤੇ ਇੱਥੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਲੱਖਾਂ ਸ਼ਰਧਾਲੂ ਇਸ ਮੌਕੇ ਪਹੁੰਚਦੇ ਹਨ ਅਤੇ ਕਪਾਲ ਮੋਚਨ, ਰਿਣ ਮੋਚਨ ਅਤੇ ਸੂਰਜ ਕੁੰਡ ਵਿੱਚ ਕ੍ਰਮਵਾਰ ਇਸ਼ਨਾਨ ਕਰਦੇ ਹਨ। ਦੇਵ ਉਠਨੀ ਇਕਾਦਸ਼ੀ ਤੋਂ ਹੀ ਇਸ ਪੰਜ ਦਿਨਾਂ ਪਵਿੱਤਰ ਪੁਰਬ ਦੀ ਸ਼ੁਰੂਆਤ ਹੁੰਦੀ ਹੈ।

ਚਾਰ ਪ੍ਰਮੁੱਖ ਤੀਰਥਾਂ ਦੇ ਵਿਕਾਸ ਲਈ ਸ਼ਾਈਨ ਬੋਰਡ ਦਾ ਗਠਨ

ਮੁੱਖ ਮੰਤਰੀ ਨੇ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਵਿਰਾਸਤਾਂ ਨੂੰ ਸੰਭਾਲਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਇਸੇ ਉਦੇਸ਼ ਨਾਲ ਸ੍ਰੀ ਕਪਾਲ ਮੋਚਨ, ਸ੍ਰੀ ਬਦਰੀ ਨਾਰਾਇਣ, ਸ੍ਰੀ ਮੰਤ੍ਰਾ ਦੇਵੀ ਅਤੇ ਸ੍ਰੀ ਕੇਦਾਰਨਾਥ ਦੇ ਯੋਜਨਾਬੱਧ ਵਿਕਾਸ ਲਈ ਸਮਰਪਿਤ ਸ਼ਾਈਨ ਬੋਰਡ ਦਾ ਗਠਨ ਕੀਤਾ ਗਿਆ ਹੈ। ਤੀਰਥ ਦਾ ਕਾਇਆ-ਕਲਪ ਦੋ ਪੜਾਵਾਂ ਵਿੱਚ ਕੀਤਾ ਜਾ ਰਿਹਾ ਹੈ। ਇਸ ਸਾਲ ਮੇਲੇ ਅਤੇ ਤੀਰਥ ਦੇ ਰੱਖ-ਰਖਾਅ 'ਤੇ ਲਗਭਗ ਇੱਕ ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ ਅਤੇ ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ ਅਤੇ ਸਫ਼ਾਈ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਗੁਰੂਆਂ ਦੇ ਸੂਰਬੀਰਤਾ ਭਰੇ ਇਤਿਹਾਸ ਅਤੇ ਬਲਿਦਾਨ ਤੋਂ ਨਵੀਂ ਪੀੜ੍ਹੀ ਨੂੰ ਜਾਣੂ ਕਰਵਾਉਣ ਲਈ ਤਿੰਨ ਕਰੋੜ ਰੁਪਏ ਦੀ ਲਾਗਤ ਨਾਲ 'ਗੁਰੂ ਗੋਬਿੰਦ ਸਿੰਘ ਯੁੱਧ ਕਲਾ ਅਜਾਇਬ ਘਰ' ਬਣਾਇਆ ਗਿਆ ਹੈ। ਉੱਥੇ ਹੀ, ਲੋਹਗੜ੍ਹ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਇਤਿਹਾਸਕ ਵਿਰਾਸਤ ਨੂੰ ਅੱਗੇ ਵਧਾਉਂਦਿਆਂ ਭਗਵਾਨਪੁਰ ਵਿਖੇ 112 ਕਰੋੜ ਰੁਪਏ ਦੀ ਲਾਗਤ ਨਾਲ ਉਨ੍ਹਾਂ ਦੀ ਯਾਦਗਾਰ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਮਾਂ ਸਰਸਵਤੀ ਦੇ ਉਦਗਮ ਸਥਾਨ ਆਦਿ ਬਦਰੀ ਨੂੰ ਵੀ ਪ੍ਰਮੁੱਖ ਤੀਰਥ ਅਤੇ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ।

ਗੁਰੂਆਂ ਦੀ ਵਿਰਾਸਤ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਉਪਰਾਲਾ

ਮੁੱਖ ਮੰਤਰੀ ਨੇ ਕਿਹਾ ਕਿ ਗੁਰੂਆਂ ਅਤੇ ਮਹਾਂਪੁਰਖਾਂ ਪ੍ਰਤੀ ਸ਼ਰਧਾ ਸਿਰਫ਼ ਸਮਾਗਮਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਉਨ੍ਹਾਂ ਦੇ ਵਿਚਾਰ ਅਤੇ ਸਿੱਖਿਆਵਾਂ ਸਮਾਜ ਦੇ ਜੀਵਨ ਦਾ ਹਿੱਸਾ ਬਣਨੀਆਂ ਚਾਹੀਦੀਆਂ ਹਨ। ਇਸੇ ਸੋਚ ਨਾਲ ਸੂਬਾ ਸਰਕਾਰ ਨੇ 'ਸੰਤ-ਮਹਾਂਪੁਰਖ ਸਨਮਾਨ ਅਤੇ ਵਿਚਾਰ ਪ੍ਰਸਾਰ ਯੋਜਨਾ' ਸ਼ੁਰੂ ਕੀਤੀ ਹੈ। ਇਸ ਤਹਿਤ ਮਹਾਂਪੁਰਖਾਂ ਦੇ ਜਨਮ ਦਿਹਾੜਿਆਂ 'ਤੇ ਰਾਜ ਪੱਧਰੀ ਸਮਾਗਮ ਕਰਵਾ ਕੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਇਆ ਜਾ ਰਿਹਾ ਹੈ। ਆਉਣ ਵਾਲੇ ਦਿਨਾਂ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਯਮੁਨਾਨਗਰ ਵਿਖੇ ਰਾਜ ਪੱਧਰੀ ਸਮਾਗਮ ਵਜੋਂ ਮਨਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਅੱਠਵੀਂ ਜਮਾਤ ਦੇ ਇਤਿਹਾਸ ਦੇ ਪਾਠਕ੍ਰਮ ਵਿੱਚ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ ਇਤਿਹਾਸ ਸ਼ਾਮਲ ਕੀਤਾ ਹੈ। ਚੌਧਰੀ ਦੇਵੀ ਲਾਲ ਯੂਨੀਵਰਸਿਟੀ, ਸਿਰਸਾ ਵਿਖੇ ਗੁਰੂ ਤੇਗ ਬਹਾਦਰ ਜੀ ਦੇ ਨਾਮ 'ਤੇ ਖੋਜ ਪੀਠ ਸਥਾਪਤ ਕੀਤੀ ਗਈ ਹੈ। ਕੁਰੂਕਸ਼ੇਤਰ ਦੇ ਓਮਰੀ ਵਿਖੇ 170 ਕਰੋੜ ਰੁਪਏ ਦੀ ਲਾਗਤ ਨਾਲ ਸੂਬੇ ਦੇ ਪਹਿਲੇ ਸਿੱਖ ਅਜਾਇਬ ਘਰ ਦਾ ਨੀਂਹ ਪੱਥਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੇ ਰੱਖਿਆ ਹੈ। ਕੁਰੂਕਸ਼ੇਤਰ ਵਿਖੇ ਸੰਤ ਸ਼ੋਮਣੀ ਗੁਰੂ ਰਵਿਦਾਸ ਜੀ ਦੇ ਅਜਾਇਬ ਘਰ ਦਾ ਨਿਰਮਾਣ ਕਾਰਜ ਵੀ ਜਾਰੀ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਯਮੁਨਾਨਗਰ ਦੇ ਕਲੇਸਰ ਵਿਖੇ 'ਸ੍ਰੀ ਗੁਰੂ ਤੇਗ ਬਹਾਦਰ ਸਮ੍ਰਿਤੀ ਵਣ' ਵਿਕਸਤ ਕੀਤਾ ਜਾ ਰਿਹਾ ਹੈ ਅਤੇ ਯਮੁਨਾਨਗਰ ਦਾ ਮੈਡੀਕਲ ਕਾਲਜ ਵੀ ਗੁਰੂ ਸਾਹਿਬ ਦੇ ਨਾਮ 'ਤੇ ਹੋਵੇਗਾ। ਸਿੱਖ ਸੰਗਤ ਦੀ ਵਰ੍ਹਿਆਂ ਪੁਰਾਣੀ ਮੰਗ ਪੂਰੀ ਕਰਦਿਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਸਿਰਸਾ ਵਿਖੇ ਗੁਰਦੁਆਰਾ ਸ੍ਰੀ ਚਿੱਲਾ ਸਾਹਿਬ ਨੂੰ ਲਗਭਗ ਨੌ ਏਕੜ ਜ਼ਮੀਨ ਮੁਫ਼ਤ ਸੌਂਪੀ ਗਈ ਹੈ।

ਧਾਰਮਿਕ ਸੈਰ-ਸਪਾਟਾ ਅਤੇ ਸੱਭਿਆਚਾਰਕ ਵਿਰਾਸਤ ਨੂੰ ਮਿਲ ਰਹੀ ਨਵੀਂ ਪਛਾਣ

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਗੁਰੂ ਪਰੰਪਰਾ ਨੂੰ ਰਾਸ਼ਟਰ ਦੀ ਚੇਤਨਾ ਨਾਲ ਜੋੜਨ ਦਾ ਕੰਮ ਕੀਤਾ ਹੈ। ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਯਾਦ ਵਿੱਚ 26 ਦਸੰਬਰ ਨੂੰ 'ਵੀਰ ਬਾਲ ਦਿਵਸ' ਐਲਾਨਿਆ ਗਿਆ ਹੈ, ਜਿਸ ਨੂੰ ਹਰਿਆਣਾ ਹਰ ਸਾਲ ਰਾਜ ਪੱਧਰ 'ਤੇ ਮਨਾਉਂਦਾ ਹੈ। ਲੰਗਰ ਨੂੰ ਜੀ.ਐਸ.ਟੀ. ਤੋਂ ਮੁਕਤ ਕਰਨ ਅਤੇ ਅਫ਼ਗਾਨਿਸਤਾਨ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਨੂੰ ਪੂਰੇ ਸਨਮਾਨ ਨਾਲ ਭਾਰਤ ਲਿਆਉਣ ਵਰਗੇ ਕਦਮ ਵੀ ਗੁਰੂ ਪਰੰਪਰਾ ਪ੍ਰਤੀ ਸਨਮਾਨ ਨੂੰ ਦਰਸਾਉਂਦੇ ਹਨ। ਮੁੱਖ ਮੰਤਰੀ ਨੇ ਸਾਰੇ ਸ਼ਰਧਾਲੂਆਂ ਨੂੰ ਆਪਣੀ ਵਿਰਾਸਤ ਨੂੰ ਸੰਭਾਲਣ, ਗੁਰੂਆਂ ਦੀ ਬਾਣੀ ਨੂੰ ਜੀਵਨ ਵਿੱਚ ਉਤਾਰਨ ਅਤੇ ਸਸ਼ਕਤ, ਸਮਰਸ ਹਰਿਆਣਾ ਅਤੇ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਇਸ ਮੌਕੇ ਵਿਧਾਇਕ ਸ੍ਰੀ ਘਨਸ਼ਿਆਮ ਦਾਸ ਅਰੋੜਾ, ਸ੍ਰੀਮਤੀ ਰੇਣੂ ਬਾਲਾ, ਮੇਅਰ ਸ੍ਰੀਮਤੀ ਸੁਮਨ ਬਹਿਮਨੀ, ਸਾਬਕਾ ਮੰਤਰੀ ਸ੍ਰੀ ਕੰਵਰ ਪਾਲ, ਐਸ.ਸੀ.-ਐਸ.ਟੀ. ਕਮਿਸ਼ਨ ਦੀ ਚੇਅਰਪਰਸਨ ਸ੍ਰੀਮਤੀ ਬੰਤੋ ਕਟਾਰੀਆ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ, ਸਰਸਵਤੀ ਬੋਰਡ ਦੇ ਉਪ-ਚੇਅਰਮੈਨ ਸ੍ਰੀ ਧੂਮਨ ਸਿੰਘ ਕਿਰਮਚ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਮਾਈ ਭਾਰਤ ਐਨਐਸਐਸ ਐਵਾਰਡ (2023-24) ਲਈ ਨਾਮਜ਼ਦਗੀਆਂ 11 ਦਸੰਬਰ ਤੱਕ ਕੀਤੀਆਂ ਜਾਣਗੀਆਂ ਸਵੀਕਾਰ

ਚੰਡੀਗੜ੍ਹ, 21 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਲ 2023-24 ਦੇ ਮਾਈ ਭਾਰਤ ਐਨਐਸਐਸ ਐਵਾਰਡ ਲਈ ਯੋਗ ਨਾਮਜ਼ਦਗੀਆਂ ਦੀਆਂ ਹਾਰਡ ਕਾਪੀਆਂ 11 ਦਸੰਬਰ, 2026 ਤੱਕ ਸਬੰਧਤ ਡਾਇਰੈਕਟੋਰੇਟ ਵਿੱਚ ਜਮ੍ਹਾਂ ਕਰਵਾਈਆਂ ਜਾ ਸਕਦੀਆਂ ਹਨ। ਨਿਰਧਾਰਤ ਸਮਾਂ ਸੀਮਾ ਤੋਂ ਬਾਅਦ ਪ੍ਰਾਪਤ ਹੋਣ ਵਾਲੀਆਂ ਅਰਜ਼ੀਆਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਈ-ਮੇਲ ਰਾਹੀਂ ਭੇਜੀਆਂ ਗਈਆਂ ਨਾਮਜ਼ਦਗੀਆਂ ਵੀ ਮਾਨਤਾ ਪ੍ਰਾਪਤ ਨਹੀਂ ਹੋਣਗੀਆਂ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਜਿਨ੍ਹਾਂ ਪ੍ਰੋਗਰਾਮ ਕੋਆਰਡੀਨੇਟਰਾਂ ਦੇ ਅਧਿਕਾਰ ਖੇਤਰ ਵਿੱਚ 100 ਤੋਂ ਵੱਧ ਐਨਐਸਐਸ ਇਕਾਈਆਂ ਹਨ, ਉਹ ਵੱਧ ਤੋਂ ਵੱਧ 1 ਐਨਐਸਐਸ ਕੋਆਰਡੀਨੇਟਰ, 2 ਐਨਐਸਐਸ ਇਕਾਈਆਂ (ਪ੍ਰੋਗਰਾਮ ਅਧਿਕਾਰੀ ਸਮੇਤ) ਅਤੇ 2 ਪੁਰਸ਼ ਤੇ 2 ਮਹਿਲਾ ਵਲੰਟੀਅਰਾਂ ਦੀਆਂ ਨਾਮਜ਼ਦਗੀਆਂ ਭੇਜ ਸਕਣਗੇ। ਇਸੇ ਤਰ੍ਹਾਂ, 100 ਤੋਂ ਘੱਟ ਐਨਐਸਐਸ ਇਕਾਈਆਂ ਵਾਲੇ ਅਧਿਕਾਰ ਖੇਤਰ ਦੇ ਪ੍ਰੋਗਰਾਮ ਕੋਆਰਡੀਨੇਟਰ ਵੱਧ ਤੋਂ ਵੱਧ 1 ਐਨਐਸਐਸ ਪ੍ਰੋਗਰਾਮ ਕੋਆਰਡੀਨੇਟਰ, 1 ਐਨਐਸਐਸ ਇਕਾਈ (ਪ੍ਰੋਗਰਾਮ ਅਧਿਕਾਰੀ ਸਮੇਤ) ਅਤੇ 1 ਪੁਰਸ਼ ਤੇ 1 ਮਹਿਲਾ ਵਲੰਟੀਅਰ ਦੀ ਨਾਮਜ਼ਦਗੀ ਸ਼ੇਡਿਊਲ ਬੱਧ ਢੰਗ ਨਾਲ ਪੇਸ਼ ਕਰ ਸਕਣਗੇ।

ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਨਿਰਧਾਰਤ ਸੀਮਾ ਤੋਂ ਵੱਧ ਭੇਜੀਆਂ ਗਈਆਂ